ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 17 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੩ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਨਰਾਇਣ ਸਿੰਘ ਚੌੜਾ ਅਦਾਲਤ 'ਚ ਪੇਸ਼, 14 ਦਿਨਾਂ ਲਈ ਭੇਜਿਆ ਜੇਲ੍ਹ

**ਅੰਮ੍ਰਿਤਸਰ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸੁਖਬੀਰ ਸਿੰਘ ਬਾਦਲ 'ਤੇ ਜਾਨਲੇਵਾ ਹਮਲਾ ਕਰਨ ਵਾਲੇ



ਨਰਾਇਣ ਸਿੰਘ ਚੌੜਾ ਨੂੰ ਅੱਜ ਰਿਮਾਂਡ ਖਤਮ ਹੋਣ ਮਗਰੋਂ ਅੰਮ੍ਰਿਤਸਰ ਮਾਨਯੋਗ ਅਦਾਲਤ 'ਚ ਪੇਸ਼ ਕੀਤਾ ਗਿਆ। ਮਾਨਯੋਗ ਅਦਾਲਤ ਨੇ ਹੁਣ ਨਰਾਇਣ ਸਿੰਘ ਚੌੜਾ ਨੂੰ 14 ਦਿਨਾਂ ਦੇ ਲਈ ਨਿਆਇਕ ਹਿਰਾਸਤ 'ਚ ਭੇਜ ਦਿੱਤਾ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ 5 ਦਸੰਬਰ, 8 ਦਸੰਬਰ ਅਤੇ 11 ਦਸੰਬਰ ਨੂੰ ਨਾਰਾਇਣ ਸਿੰਘ ਚੌੜਾ ਨੂੰ ਪੁਲਸ ਵੱਲੋਂ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ, ਜਿੱਥੇ ਅਦਾਲਤ ਵੱਲੋਂ ਨਰਾਇਣ ਸਿੰਘ ਚੌੜਾ ਨੂੰ ਤਿੰਨੋਂ ਵਾਰ ਤਿੰਨ ਦਿਨਾਂ ਪੁਲਸ ਰਿਮਾਂਡ 'ਤੇ ਭੇਜ ਗਿਆ ਸੀ। ਜ਼ਿਕਰਯੋਗ ਹੈ ਕਿ ਨਰਾਇਣ ਸਿੰਘ ਚੌੜਾ ਨੇ 4 ਦਸੰਬਰ ਨੂੰ ਸੁਖਬੀਰ ਸਿੰਘ ਬਾਦਲ 'ਤੇ ਸ੍ਰੀ ਹਰਿਮੰਦਰ ਸਾਹਿਬ ਦੇ ਕੰਪਲੈਕਸ 'ਚ ਜਾਨਲੇਵਾ ਹਮਲਾ ਕੀਤਾ ਸੀ। ਹਾਲਾਂਕਿ ਇਸ ਦੌਰਾਨ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਸੁਖਬੀਰ ਸਿੰਘ ਬਾਦਲ ਵੀ ਸੁਰੱਖਿਅਤ ਰਹੇ। ਇਸ ਮਗਰੋਂ ਵੀ ਸੁਖਬੀਰ ਸਿੰਘ ਬਾਦਲ ਆਪਣੀ ਧਾਰਮਿਕ ਸਜ਼ਾ ਨੂੰ ਨਿਭਾਉਂਦੇ ਰਹੇ।

## ਹਰਸਿਮਰਤ ਬਾਦਲ ਨੇ ਸੰਸਦ 'ਚ ਚੁੱਕਿਆ ਕਿਸਾਨਾਂ ਦਾ ਮੁੱਦਾ

# ਪਹਿਲਾਂ ਅੰਦੋਲਨ ਵੇਲੇ 700 ਕਿਸਾਨ ਹੋਇਆ ਸ਼ਹੀਦ, ਹੁਣ ਜਗਜੀਤ ਸਿੰਘ ਡੱਲੇਵਾਲ...

**ਚੰਡੀਗੜ੍ਹ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਖਨੌਰੀ ਸਰਹੱਦ 'ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਰਾਸ਼ਟਰਪਤੀ ਨੂੰ ਪੱਤਰ ਲਿਖਿਆ ਹੈ। ਕਿਸਾਨਾਂ ਨੇ ਅੱਜ ਡੱਲੇਵਾਲ ਵੱਲੋਂ ਲਿਖੇ ਪੱਤਰ ਦੀ ਕਾਪੀ ਡੀਸੀ ਅਤੇ ਐਸਡੀਐਮ ਨੂੰ ਸੌਂਪੀ। ਇਸ ਦੇ ਨਾਲ ਹੀ ਡਾਕਟਰਾਂ ਦਾ ਕਹਿਣਾ ਹੈ ਕਿ ਡੱਲੇਵਾਲ ਦਾ ਭਾਰ ਕਾਫੀ ਘੱਟ ਗਿਆ ਹੈ। ਉਸ ਨੂੰ ਸਾਈਲੈਂਟ ਹਾਰਟ ਅਟੈਕ ਦਾ ਖਤਰਾ ਹੈ। ਇਸ ਨੂੰ ਲੈ ਕੇ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਸੰਸਦ ਵਿੱਚ ਮੁੱਦਾ ਚੁੱਕਿਆ ਹੈ। ਹਰਸਿਮਰਤ ਕੌਰ ਬਾਦਲ ਨੇ ਸੋਸ਼ਲ ਮੀਡੀਆ ਉੱਤੇ ਵੀਡੀਓ ਸਾਂਝੀ ਕਰਕੇ ਲਿਖਿਆ, ਕਿਸਾਨੀ ਮੰਗਾਂ ਨੂੰ ਲੈ ਕੇ ਸਾਡੇ ਬਜ਼ੁਰਗ ਕਿਸਾਨ ਜਗਜੀਤ ਸਿੰਘ ਡੱਲੇਵਾਲ ਪਿਛਲੇ 21 ਦਿਨਾਂ ਤੋਂ ਭੁੱਖ ਹੜਤਾਲ 'ਤੇ ਬੈਠੇ ਹਨ, ਬਹੁਤ ਅਫ਼ਸੋਸ ਦੀ ਗੱਲ ਹੈ ਕਿ ਕੇਂਦਰ ਸਰਕਾਰ ਤੇ ਪੰਜਾਬ ਦੀ ਮੌਜੂਦਾ ਆਪ ਸਰਕਾਰ ਨੇ ਉਨ੍ਹਾਂ ਦਾ ਹਾਲ ਜਾਣਨ ਦੀ ਕੋਸ਼ਿਸ਼ ਵੀ ਨਹੀਂ ਕੀਤੀ । ਇਸ ਤੋਂ ਪਹਿਲਾਂ 700 ਦੇ ਕਰੀਬ ਸਾਡਾ ਕਿਸਾਨ ਦਿੱਲੀ ਧਰਨੇ 'ਤੇ ਸ਼ਹੀਦ ਹੋ ਚੁੱਕਿਆ ਹੈ । ਕਿਸਾਨ ਸਾਡੇ ਦੇਸ਼ ਦਾ ਸਭ ਤੋਂ ਅਹਿਮ ਹਿੱਸਾ ਹਨ । ਮੈਂ ਮੰਗ ਕਰਦੀ ਹਾਂ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਕੀਤੇ ਹੋਏ ਵਾਅਦਿਆਂ ਨੂੰ ਜਲਦ ਤੋਂ ਜਲਦ ਪੂਰਾ ਕਰੇ। ਇਸ ਤੋਂ ਬਾਅਦ ਮੀਡੀਆ ਦੇ ਮੁਖਾਤਬ ਹੁੰਦਿਆ ਹਰਸਿਮਰਤ ਬਾਦਲ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਕਿਸਾਨਾਂ ਨਾਲ ਧੋਖਾ ਕੀਤਾ ਹੈ, ਦਿੱਲੀ ਧਰਨੇ ਦੌਰਾਨ ਸਰਕਾਰ ਵੱਲੋਂ ਕਿਸਾਨਾਂ ਨੂੰ ਉਨ੍ਹਾਂ ਦੀਆਂ ਮੰਗਾਂ ਮੰਨਣ ਦਾ ਪੂਰਨ ਭਰੋਸਾ ਦੇ ਕੇ ਧਰਨਾ ਖ਼ਤਮ ਕਰਵਾਇਆ ਸੀ, ਪਰ ਬਾਅਦ ਵਿੱਚ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਸਾਡੇ ਕਿਸਾਨ ਲਗਾਤਾਰ ਆਪਣਾ ਨੁਕਸਾਨ ਝੱਲਦੇ ਆ ਰਹੇ ਹਨ, ਪਹਿਲਾਂ ਦਿੱਲੀ ਧਰਨੇ ਵੇਲੇ ਸਾਡੇ 700 ਦੇ ਕਰੀਬ ਕਿਸਾਨ ਆਪਣੀਆਂ ਜਾਨਾਂ ਗਵਾ ਚੁੱਕੇ ਹਨ, ਹੁਣ ਉਸੇ ਸਿਲਸਿਲੇ ਵਿੱਚ ਹੀ ਸਾਡੇ ਬਜ਼ੁਰਗ ਕਿਸਾਨ ਆਗੂ ਜਗਜੀਤ ਸਿੰਘ ਜੀ ਡੱਲੇਵਾਲ ਪਿਛਲੇ 21 ਦਿਨਾਂ ਤੋਂ ਕਿਸਾਨੀ ਮੰਗਾਂ ਨੂੰ ਲੈ ਕੇ ਭੁੱਖ ਹੜਤਾਲ 'ਤੇ ਹਨ । ਉਨ੍ਹਾਂ ਦੀ ਜਾਨ ਬਹੁਤ ਕੀਮਤੀ ਹੈ । ਮੈਂ ਕੇਂਦਰ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦੀ ਹਾਂ ਕਿ ਕਿਸਾਨੀ ਨੂੰ ਬਚਾਉਣ ਲਈ ਕਿਸਾਨਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਿਆ ਜਾਵੇ ਤੇ ਤੁਰੰਤ ਉਹਨਾਂ ਨੂੰ ਪੂਰਾ ਕੀਤਾ ਜਾਵੇ।




## ਕਿਸਾਨਾਂ ਦੇ ਰੇਲ ਰੋਕੋ ਅੰਦੋਲਨ 'ਤੇ ਭੜਕੇ ਅਨਿਲ ਵਿਜ-ਕਿਹਾ, ਜੇ ਰੇਲਾਂ ਰੋਕੀਆਂ ਤਾਂ ਪੰਜਾਬੀਆਂ ਨੂੰ...



**ਚੰਡੀਗੜ੍ਹ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ 'ਚ ਸੋਮਵਾਰ (16 ਦਸੰਬਰ) ਨੂੰ ਸ਼ੰਭੂ-ਖਨੌਰੀ ਸਰਹੱਦ 'ਤੇ ਅੰਦੋਲਨ ਕਰ ਰਹੇ ਕਿਸਾਨਾਂ ਦੇ ਸਮਰਥਨ 'ਚ ਇੱਕ ਟਰੈਕਟਰ ਮਾਰਚ ਕੱਢਿਆ ਗਿਆ। ਹਿਸਾਰ, ਸੋਨੀਪਤ, ਚਰਖੀ ਦਾਦਰੀ, ਸਿਰਸਾ, ਫਤਿਹਾਬਾਦ ਅਤੇ ਅੰਬਾਲਾ ਵਿੱਚ ਕਿਸਾਨ ਟਰੈਕਟਰਾਂ ਨਾਲ ਪਹੁੰਚੇ ਇਸ ਤੋਂ ਬਾਅਦ ਹੁਣ 18 ਦਸੰਬਰ ਨੂੰ ਰੇਲ ਰੋਕੋ ਅੰਦੋਲਨ ਕੀਤਾ ਜਾਵੇਗਾ। ਰੇਲ ਰੋਕੋ ਅੰਦੋਲਨ 'ਤੇ ਟਰਾਂਸਪੋਰਟ ਮੰਤਰੀ ਅਨਿਲ ਵਿੱਜ ਨੇ ਕਿਹਾ ਕਿ ਕਿਸਾਨਾਂ ਨੂੰ ਰੇਲਾਂ ਨਹੀਂ ਰੋਕਣੀਆਂ ਚਾਹੀਦੀਆਂ। ਇਸ ਨਾਲ ਆਮ ਲੋਕਾਂ ਨੂੰ ਹੀ ਪ੍ਰੇਸ਼ਾਨੀ ਹੁੰਦੀ ਹੈ। ਕਿਸਾਨਾਂ ਦੇ ਟਰੈਕਟਰ ਮਾਰਚ ਅਤੇ ਰੇਲ ਰੋਕੋ ਅੰਦੋਲਨ 'ਤੇ ਹਰਿਆਣਾ ਦੇ ਟਰਾਂਸਪੋਰਟ ਮੰਤਰੀ ਅਨਿਲ ਵਿਜ ਨੇ ਕਿਹਾ, ਜਿੱਥੋਂ ਤੱਕ ਟਰੈਕਟਰ ਮਾਰਚ ਕੱਢਣ ਦਾ ਸਵਾਲ ਹੈ, ਹਰ ਸੰਗਠਨ ਨੂੰ ਪ੍ਰਸ਼ਾਸਨ ਤੋਂ ਇਜਾਜ਼ਤ ਲੈ ਕੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰਨ ਦਾ ਅਧਿਕਾਰ ਹੈ।" ਵਿਜ ਨੇ ਅੱਗੇ ਕਿਹਾ ਕਿ ਜਿੱਥੋਂ ਤੱਕ ਟਰੇਨ ਰੋਕਣ ਦਾ ਸਵਾਲ ਹੈ, ਉਨ੍ਹਾਂ (ਕਿਸਾਨਾਂ) ਨੂੰ ਅਜਿਹਾ ਨਹੀਂ ਕਰਨਾ ਚਾਹੀਦਾ। ਇਸ ਕਾਰਨ ਲੱਖਾਂ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇ ਪੰਜਾਬ ਨੂੰ ਜਾਣ ਵਾਲੀਆਂ ਰੇਲਾ ਨੂੰ ਹੀ ਰੋਕਿਆ ਜਾਵੇ ਤਾਂ ਇਸ ਨਾਲ ਪੰਜਾਬ ਦੇ ਲੋਕਾਂ ਨੂੰ ਪ੍ਰੇਸ਼ਾਨੀ ਹੀ ਹੋਵੇਗੀ। ਇਸ ਲਈ ਕਿਸੇ ਹੋਰ ਤਰੀਕੇ ਨਾਲ ਵਿਰੋਧ ਕਰੋ, ਜਿਸ ਨਾਲ ਉਨ੍ਹਾਂ ਦੀ ਆਵਾਜ਼ ਬੁਲੰਦ ਹੋ ਸਕੇ ਹਰਿਆਣਾ 'ਚ ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਸਾਨਾਂ ਦੇ ਟਰੈਕਟਰ ਮਾਰਚ 'ਤੇ ਕਿਹਾ ਕਿ ਉਹ ਕਿਸਾਨਾਂ ਦੇ ਨਾਲ ਹਨ। ਇਹ ਕਿਸਾਨਾਂ ਦਾ ਅਧਿਕਾਰ ਹੈ ਕਿ ਸਰਕਾਰ ਘੱਟੋ-ਘੱਟ ਸਮਰਥਨ ਮੁੱਲ 'ਤੇ ਉਨ੍ਹਾਂ ਦੀ ਫਸਲ ਦੀ ਖਰੀਦ ਦੀ ਗਰੰਟੀ ਦੇਵੇ। ਉਨ੍ਹਾਂ ਨੇ ਮੁੱਖ ਮੰਤਰੀ ਨਾਇਬ ਸੈਣੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਹਰਿਆਣਾ ਦੇ ਕਿਸਾਨਾਂ ਦੀਆਂ 24 ਫਸਲਾਂ ਘੱਟੋ-ਘੱਟ ਸਮਰਥਨ ਮੁੱਲ 'ਤੇ ਖ਼ਰੀਦਣ ਦੀ ਗਰੰਟੀ ਦਿੱਤੀ ਹੈ। ਅੱਜ ਹਰਿਆਣਾ ਦੇ ਕਿਸਾਨ ਇਸ ਤੋਂ ਸੰਤੁਸ਼ਟ ਹਨ।

## ਸ਼੍ਰੋਮਣੀ ਅਕਾਲੀ ਦਲ ਨੇ ਨਗਰ ਨਿਗਮ ਚੋਣਾਂ ਨੂੰ ਲੈ ਕੇ ਹਾਈਕੋਰਟ 'ਚ ਪਾਈ ਪਟੀਸ਼ਨ, 18 ਦਸੰਬਰ ਨੂੰ ਹੋਵੇਗੀ ਸੁਣਵਾਈ

ਸ਼੍ਰੋਮਣੀ ਅਕਾਲੀ ਦਲ

**ਚੰਡੀਗੜ੍ਹ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਹੋਣ ਵਾਲੀਆਂ ਨਗਰ ਨਿਗਮ ਚੋਣਾਂ ਦਾ ਮਾਮਲਾ ਹੁਣ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪਹੁੰਚ ਗਿਆ ਹੈ। ਇਸ ਮਾਮਲੇ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਟੀਸ਼ਨ ਦਾਇਰ ਕੀਤੀ ਗਈ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਪਟੀਸ਼ਨ 'ਚ ਪਟਿਆਲਾ ਸਮੇਤ ਕਈ ਥਾਵਾਂ 'ਤੇ ਨਾਮਜ਼ਦਗੀ ਦੌਰਾਨ ਤੰਗ-ਪ੍ਰੇਸ਼ਾਨ ਕੀਤੇ ਜਾਣ ਦਾ ਮਾਮਲਾ ਉਠਾਇਆ ਗਿਆ ਹੈ। ਉਨ੍ਹਾਂ ਨੇ ਇਸ ਸਬੰਧੀ ਕਈ ਤੱਥ ਪੇਸ਼ ਕੀਤੇ ਹਨ। ਇਸ ਤੋਂ ਬਾਅਦ ਅਦਾਲਤ ਵੱਲੋਂ ਮਾਮਲੇ ਦੀ ਅਗਲੀ ਸੁਣਵਾਈ 18 ਦਸੰਬਰ ਤੱਕ ਤੈਅ ਕੀਤੀ ਗਈ ਹੈ। ਜਦੋਂਕਿ 21 ਦਸੰਬਰ ਨੂੰ ਪੰਜਾਬ ਵਿੱਚ ਨਗਰ ਨਿਗਮ ਦੀਆਂ ਚੋਣਾਂ ਪੈਣਗੀਆਂ। ਜ਼ਿਕਰ ਕਰ ਦਈਏ ਕਿ ਨਗਰ ਨਿਗਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ 12 ਦਸੰਬਰ ਆਖਰੀ ਮਿਤੀ ਸੀ ਪਰ ਇਸ ਦੌਰਾਨ ਪਟਿਆਲਾ ਵਿੱਚ ਕਾਫੀ ਹੰਗਾਮਾ ਹੋਇਆ। ਉਸ ਸਮੇਂ ਲੋਕ ਲਾਈਨਾਂ ਵਿੱਚ ਖੜ੍ਹੇ ਸਨ ਫਿਰ ਕੁਝ ਲੋਕ ਕਾਂਗਰਸ ਤੇ ਭਾਜਪਾ ਉਮੀਦਵਾਰਾਂ ਦੀਆਂ ਫਾਈਲਾਂ ਖੋਹ ਕੇ ਭੱਜ ਗਏ ਜਿਸ ਕਾਰਨ ਕਈ ਲੋਕ ਨਾਮਜ਼ਦਗੀ ਪੱਤਰ ਦਾਖਲ ਵੀ ਨਹੀਂ ਕਰ ਸਕੇ। ਹਾਲਾਂਕਿ ਉਸ ਸਮੇਂ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਕਿਹਾ ਸੀ ਕਿ ਭਾਜਪਾ ਅਤੇ ਕਾਂਗਰਸ ਹਾਰ ਤੋਂ ਡਰਦੇ ਹਨ। ਇਸ ਕਾਰਨ ਉਹ ਅਜਿਹਾ ਡਰਾਮਾ ਕਰ ਰਿਹਾ ਹੈ। ਕਮਿਸ਼ਨ ਨੇ ਫੈਸਲਾ ਕੀਤਾ ਹੈ ਕਿ ਇਸ ਵਾਰ ਚੋਣਾਂ ਈਵੀਐਮ ਰਾਹੀਂ ਕਰਵਾਈਆਂ ਜਾਣਗੀਆਂ, ਇਸ ਲਈ ਮਸ਼ੀਨਾਂ ਤਿਆਰ ਕਰ ਲਈਆਂ ਗਈਆਂ ਹਨ। ਦੱਸ ਦਈਏ ਕਿ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਫਗਵਾੜਾ ਅਤੇ ਪਟਿਆਲਾ ਵਿੱਚ ਨਿਗਮ ਚੋਣਾਂ ਹੋ ਰਹੀਆਂ ਹਨ। ਇਨ੍ਹਾਂ 5 ਸ਼ਹਿਰਾਂ ਵਿੱਚ 37 ਲੱਖ 32 ਹਜ਼ਾਰ ਵੋਟਰ ਹਨ। ਇਨ੍ਹਾਂ ਵਿੱਚੋਂ 19.50 ਲੱਖ ਮਰਦ ਅਤੇ 17 ਲੱਖ ਮਹਿਲਾ ਵੋਟਰ ਹਨ। ਪੋਲਿੰਗ ਦਾ ਸਮਾਂ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗਾ। ਪਹਿਲਾਂ ਵੋਟਿੰਗ ਸ਼ਾਮ 8 ਤੋਂ 4 ਵਜੇ ਤੱਕ ਹੁੰਦੀ ਸੀ।

## ਅਰਸ਼ ਡੱਲਾ ਦੇ 4 ਸਾਥੀ ਗ੍ਰਿਫਤਾਰ, 16 ਜਿੰਦਾ ਕਾਰਤੂਸਾਂ ਸਮੇਤ ਹਥਿਆਰ ਬਰਾਮਦ, ਮੋਹਾਲੀ ਗੋਲੀਕਾਂਡ ਨਾਲ ਜੁੜੇ ਤਾਰ



**ਚੰਡੀਗੜ੍ਹ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ ਨੇ



ਨਵਾਂਸ਼ਹਿਰ ਪੁਲਿਸ ਨਾਲ ਮਿਲ ਕੇ ਅਰਸ਼ ਡੱਲਾ ਦੇ ਚਾਰ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਿਸ ਨੇ ਇਨ੍ਹਾਂ ਕੋਲੋਂ ਤਿੰਨ ਨਾਜਾਇਜ਼ ਹਥਿਆਰ ਤੇ 16 ਜਿੰਦਾ ਕਾਰਤੂਸ ਬਰਾਮਦ ਕੀਤੇ ਹਨ। ਪੁਲਿਸ ਜਲਦ ਹੀ ਦੋਸ਼ੀਆਂ ਨੂੰ ਅਦਾਲਤ 'ਚ ਪੇਸ਼ ਕਰਕੇ ਰਿਮਾਂਡ 'ਤੇ ਲੈ ਲਵੇਗੀ। ਇਸ ਸਬੰਧੀ ਜਾਣਕਾਰੀ ਪੰਜਾਬ ਪੁਲਿਸ ਦੇ ਡੀਜੀਪੀ ਗੌਰਵ ਯਾਦਵ ਨੇ ਦਿੱਤੀ ਹੈ ।ਡੀਜੀਪੀ ਗੌਰਵ ਯਾਦਵ ਨੇ ਕਿਹਾ- ਐਂਟੀ ਗੈਂਗਸਟਰ ਟਾਸਕ ਫੋਰਸ ਪੰਜਾਬ ਨੇ ਨਵਾਂਸ਼ਹਿਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਕੈਨੇਡਾ ਸਥਿਤ ਅਰਸ਼ ਡੱਲਾ ਦੇ ਚਾਰ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਹੈ। ਗ੍ਰਿਫਤਾਰ ਕੀਤੇ ਗਏ ਲੋਕਾਂ ਨੇ ਹਾਲ ਹੀ ਵਿੱਚ ਆਪਣੇ ਅਮਰੀਕਾ ਸਥਿਤ ਹੈਂਡਲਰ ਦੇ ਨਿਰਦੇਸ਼ਾਂ 'ਤੇ ਮੋਹਾਲੀ ਵਿੱਚ ਇੱਕ ਕਾਰ ਐਕਸੈਸਰੀਜ਼ ਸ਼ੋਅਰੂਮ ਵਿੱਚ ਗੋਲੀਬਾਰੀ ਕੀਤੀ ਸੀ। ਇਹ ਮਾਡਿਊਲ ਅਰਸ਼ ਡੱਲਾ ਨਾਲ ਜੁੜਿਆ ਹੋਇਆ ਸੀ ਤੇ ਪੰਜਾਬ ਵਿੱਚ ਹੋਰ ਵਾਰਦਾਤਾਂ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਿਹਾ ਸੀ। ਫੜੇ ਗਏ ਮੁਲਜ਼ਮਾਂ ਦਾ ਲੰਬਾ ਅਪਰਾਧਿਕ ਇਤਿਹਾਸ ਹੈ ਤੇ ਉਨ੍ਹਾਂ ਖ਼ਿਲਾਫ਼ ਕਈ ਕੇਸ ਦਰਜ ਹਨ। ਫਿਲਹਾਲ ਪੁਲਿਸ ਨੇ ਮੁਲਜ਼ਮਾਂ ਕੋਲੋਂ ਵਾਰਦਾਤ ਵਿੱਚ ਵਰਤਿਆ ਹਥਿਆਰ ਬਰਾਮਦ ਕਰ ਲਿਆ ਹੈ। ਇਨ੍ਹਾਂ ਵਿੱਚ 16 ਜਿੰਦਾ ਕਾਰਤੂਸ ਅਤੇ ਤਿੰਨ .32 ਕੈਲੀਬਰ ਦੇ ਪਿਸਤੌਲ ਸ਼ਾਮਲ ਹਨ। ਮੋਹਾਲੀ ਵਿੱਚ ਸਟੇਟ ਕ੍ਰਾਈਮ ਯੂਨਿਟ ਵਿੱਚ ਐਫਆਈਆਰ ਦਰਜ ਕੀਤੀ ਗਈ ਹੈ। ਨੈਟਵਰਕ ਨੂੰ ਖ਼ਤਮ ਕਰਨ ਲਈ ਸ਼ਾਮਲ ਹੋਰ ਲੋਕਾਂ ਦੀ ਪਛਾਣ ਕਰਨ ਲਈ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

## ਮੇਰੇ ਤੋਂ ਗਲਤੀ ਹੋਈ, ਮੈਂ ਮੁਆਫੀ ਮੰਗਦਾ ਹਾਂ, ਧਾਮੀ ਦੀ ਸਫਾਈ ਤੋਂ ਮਹਿਲਾ ਕਮਿਸ਼ਨ ਦਾ ਜਵਾਬ-ਮੁਆਫ਼ੀ ਨਾਲ ਖ਼ਤਮ ਨਹੀਂ ਹੁੰਦਾ ਮਾਮਲਾ, ਹੋਵੇਗੀ ਕਾਰਵਾਈ ?

**ਚੰਡੀਗੜ੍ਹ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਮਹਿਲਾ ਕਮਿਸ਼ਨ ਵੱਲੋਂ ਸੰਮਨ ਮਿਲਣ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅੱਜ ਚੰਡੀਗੜ੍ਹ ਪਹੁੰਚ ਗਏ ਹਨ। ਸ਼ਨੀਵਾਰ ਨੂੰ ਸ਼ੁਰੂ ਹੋਏ ਵਿਵਾਦ 'ਚ ਐਡਵੋਕੇਟ ਧਾਮੀ ਨੇ ਬੀਬੀ ਜਗੀਰ ਕੌਰ ਖ਼ਿਲਾਫ਼ ਅਪਸ਼ਬਦ ਬੋਲੇ ? ?ਸਨ। ਮਾਮਲਾ ਮੀਡੀਆ ਵਿੱਚ ਆਉਣ ਤੋਂ ਬਾਅਦ ਮਹਿਲਾ ਕਮਿਸ਼ਨ ਨੇ ਇਸ ਦਾ ਖ਼ੁਦ ਨੋਟਿਸ ਲੈਂਦਿਆਂ ਐਡਵੋਕੇਟ ਧਾਮੀ ਨੂੰ 17 ਦਸੰਬਰ ਤੱਕ ਜਵਾਬ ਦੇਣ ਦੇ ਹੁਕਮ ਜਾਰੀ ਕੀਤੇ ਹਨ। ਇਸ ਦੌਰਾਨ ਐਡਵੋਕੇਟ ਧਾਮੀ ਨੇ ਮਹਿਲਾ ਕਮਿਸ਼ਨ ਨੂੰ ਆਪਣਾ ਜਵਾਬ ਸੌਂਪਦਿਆਂ ਦੱਸਿਆ ਕਿ ਉਨ੍ਹਾਂ ਤੋਂ ਗ.ਲਤੀ ਹੋਈ ਹੈ ਤੇ ਉਹ ਇਸ ਲਈ ਮੁਆਫ਼ੀ ਮੰਗਦੇ ਹਨ ਪਰ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਸਪੱਸ਼ਟ ਕੀਤਾ ਕਿ ਇਹ ਮਾਮਲਾ ਸਿਰਫ਼ ਮੁਆਫ਼ੀ ਮੰਗਣ ਨਾਲ ਖ਼ਤਮ ਨਹੀਂ ਹੋਵੇਗਾ। ਲਾਲੀ ਗਿੱਲ ਨੇ ਦੱਸਿਆ ਕਿ ਉਨ੍ਹਾਂ ਨੇ ਬੀਬੀ ਜਗੀਰ ਕੌਰ ਨਾਲ ਵੀ ਫ਼ੋਨ 'ਤੇ ਗੱਲ ਕੀਤੀ ਹੈ। ਉਹ ਜਲਦੀ ਹੀ ਉਨ੍ਹਾਂ ਦਾ ਪੱਖ ਵੀ ਸੁਣਨਗੇ ਤੇ ਇਸ ਤੋਂ ਬਾਅਦ ਕਾਰਵਾਈ ਨੂੰ ਅੱਗੇ ਵਧਾਇਆ ਜਾਵੇਗਾ। ਜ਼ਿਕਰ ਕਰ ਦਈਏ ਕਿ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਲਾਲੀ ਗਿੱਲ ਨੇ ਇਸ ਮਾਮਲੇ ਸਬੰਧੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਨੋਟਿਸ ਜਾਰੀ ਕੀਤਾ ਸੀ ਜਿਸ ਅਨੁਸਾਰ ਉਸ ਨੇ 17 ਦਸੰਬਰ ਤੱਕ ਆ ਕੇ ਆਪਣਾ ਪੱਖ ਪੇਸ਼ ਕਰਨਾ ਸੀ, ਨਹੀਂ ਤਾਂ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ। ਅੱਜ ਐਡਵੋਕੇਟ ਧਾਮੀ ਆਪਣਾ ਪੱਖ ਪੇਸ਼ ਕਰਨ ਲਈ ਮਹਿਲਾ ਕਮਿਸ਼ਨ ਪੁੱਜੇ। ਦਰਅਸਲ, ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਇੱਕ ਵਿਅਕਤੀ ਨਾਲ ਫ਼ੋਨ 'ਤੇ ਗੱਲਬਾਤ ਕਰਦਿਆਂ ਸਾਬਕਾ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੂੰ ਗਾਲ੍ਹਾਂ ਕੱਢੀਆਂ ਸਨ। ਫ਼ੋਨ ਸੁਣਨ ਵਾਲੇ ਵਿਅਕਤੀ ਨੇ ਧਾਮੀ ਦੀ ਰਿਕਾਰਡ ਕੀਤੀ ਤੇ ਆਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤੀ ਸੀ। ਨਿੱਜੀ ਚੈਨਲ ਨਾਲ ਰਾਬਤਾ ਕਰਦਿਆਂ ਬੀਬੀ ਜਗੀਰ ਕੌਰ ਨੇ ਕਿਹਾ ਕਿ ਉਹ ਮਹਿਲਾ ਕਮਿਸ਼ਨ ਦੇ ਧੰਨਵਾਦੀ ਹਨ ਜਿੰਨ੍ਹਾਂ ਨੇ ਆਪਣੀ ਜਿੰਮੇਵਾਰੀ ਨਿਭਾਈ ਹੈ। ਉਨ੍ਹਾਂ ਕਿਹਾ ਕਿ ਹੁਣ ਉਹ ਇਸ ਗੱਲ ਦਾ ਇੰਤਜ਼ਾਰ ਕਰ ਰਹੇ ਹਨ ਕਿ ਜਥੇਦਾਰ ਸਾਬ੍ਹ ਇਸ ਮਾਮਲੇ ਉੱਤੇ ਕੀ ਕਾਰਵਾਈ ਕਰਦੇ ਹਨ। ਬੀਬੀ ਜਗੀਰ ਕੌਰ ਨੇ ਕਿਹਾ ਕਿ ਹਰਜਿੰਦਰ ਸਿੰਘ ਧਾਮੀ ਨੇ ਔਰਤ ਬਾਬਤ ਇਹੋ ਜਿਹੀ ਸ਼ਬਦਾਵਲੀ ਵਰਤਕੇ ਕੌਮ ਨੂੰ ਆਪਣੀ ਔਕਾਤ ਦਿਖਾ ਦਿੱਤੀ ਹੈ ਕਿ ਉਹ ਕਿੰਨੀ ਘਟੀਆ ਸੋਚ ਦਾ ਮਨੁੱਖ ਹੈ। ਉਨ੍ਹਾਂ ਕਿਹਾ ਕਿ ਹੁਣ ਕੌਮ ਨੂੰ ਸੋਚਣ ਦੀ ਲੋੜ ਹੈ ਕਿ ਉਨ੍ਹਾਂ ਨੇ ਕਿਹੋ ਜਿਹੇ ਇਨਸਾਨ ਨੂੰ ਕੁਰਸੀ ਉੱਤੇ ਬਿਠਾਇਆ ਹੈ। ਹੁਣ ਦੁਨੀਆ ਦੇ ਲੋਕ ਕੀ ਸੋਚ ਰਹੇ ਹਨ। ਉਨ੍ਹਾਂ ਨੇ ਸਾਰੀ ਕੌਮ ਨੂੰ ਸਰਮਸਾਰ ਕਰ ਦਿੱਤਾ ਹੈ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★


**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਤੇਰੇ ਜਨ ਪਰਉਪਕਾਰੀ ਆਏ

# ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

# 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ


# 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

## ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

# 7ਵੀਂ ਬਰਸੀ ਤੇ ਮਿੱਠੀ ਯਾਦ ਮੌਕੇ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 7ਵੀਂ ਬਰਸੀ ਤੇ ਮਿੱਠੀ ਯਾਦ ਵਿੱਚ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ

**ਸੁਖਮਨੀ ਸਾਹਿਬ ਜੀ ਦੇ ਪਾਠ**

**21 ਦਸੰਬਰ, 2024**

**(ਦਿਨ ਸ਼ਨਿੱਚਰਵਾਰ)**

**ਸਮਾਂ 2 ਤੋਂ 4 ਵਜੇ ਤੱਕ ਬਾਅਦ ਦੁਪਹਿਰ**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸ਼ੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਸੱਤਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

**★ ਪ੍ਰੋਗਰਾਮ ★** ਬਾਅਦ ਦੁਪਹਿਰ 2 ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਅਰੰਭ ਹੋਣਗੇ। ਗੁਰੂ ਘਰ ਦਾ ਕੀਰਤਨੀ ਜਥਾ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰੇਗਾ। ਉਪਰੰਤ ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ ਆਤਮਿਕ ਸਾਂਤੀ ਲਈ ਅਰਦਾਸ ਕੀਤੀ ਜਾਵੇਗੀ। ਗੁਰੂ ਕਾ ਲੰਗਰ ਅਤੁੱਟ ਵਰਤੇਗਾ

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV


ਨਗਰ ਜਨਸੂਆ ਅਤੇ ਹਲਕਾ ਨਿਵਾਸੀ ਸਾਧ ਸੰਗਤ ਵਲੋਂ
ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ
ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ
ਮਹਾਨ ਗੁਰਮਤਿ ਸਮਾਗਮ
21-22 ਦਿਸੰਬਰ 2024
ਦਿਨ ਸ਼ਨੀਵਾਰ ਅਤੇ ਐਤਵਾਰ
ਨਗਰ ਜਨਸੂਆ
ਜਿਲਾ ਅੰਬਾਲਾ
ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤਕ
ਸਿੰਘ ਸਾਹਿਬ ਗਿ. ਰਘਬੀਰ ਸਿੰਘ ਜੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਚੇਅਰਮੈਨ, ਧਰਮ ਪ੍ਰਚਾਰ ਕਮੇਟੀ HSGMC
ਸਿੰਘ ਸਾਹਿਬ ਗਿ. ਰਣਜੀਤ ਸਿੰਘ ਜੀ
ਗਿ. ਪ੍ਰੇਮ ਸਿੰਘ ਜੀ
ਭਾਈ ਰਵਿੰਦਰ ਸਿੰਘ ਜੀ
ਪਰਮਪ੍ਰੀਤ ਸਿੰਘ ਜੀ
ਭਾਈ ਨਰਵਿੰਦਰ ਸਿੰਘ ਜੀ
ਗਿ. ਸੁਖਜਿੰਦਰ ਸਿੰਘ ਨੂਰ
ਭਾਈ ਜਤਿੰਦਰ ਸਿੰਘ ਨੂਰਪੁਰੀ
ਭਾਈ ਮਨਪ੍ਰੀਤ ਸਿੰਘ ਜੀ
ਭਾਈ ਗੁਰਮੇਲ ਸਿੰਘ ਜੀ


ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ,
ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੌਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੁਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ-ਖੋ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਰੱਸੀ ਟੱਪਣਾ
(ਕੇਵਲ ਲੜਕੀਆਂ 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ
ਪਹਿਲੇ 10 ਸ਼ਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ
ਪਹਿਲੇ 25 ਸ਼ਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ
57 ਸ਼ਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਅਵਾਰਡ ਚੰਗੇਰੇ ਮਾਪੇ
ਗਤਕਾ ਪ੍ਰਦਰਸ਼ਨ
(ਵਿਅਕਤੀਗਤ : ਫਾਇਟ ਫਰੀ-ਸੋਟੀ, ਡਬਲ ਕਿਰਪਾਨ ਅਤੇ ਚੱਕਰ)
ਅੰਬਾਲਾ ਗਤਕਾ ਅਕੈਡਮੀ
ਵਲੋਂ ਸ਼ਸਤ੍ਰ ਵਿਦਿਆ ਦਾ ਸਾਂਝਾ ਪ੍ਰਦਸ਼ਨ ਕਿਤਾ ਜਾਵੇਗਾ ਜੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਇਸ ਮੁਕਾਬਲੇ ਵਿੱਚ 8 ਸਾਲ ਤੱਕ ਦੇ ਬੱਚੇ ਅਤੇ ਬੱਚੀਆਂ ਨੇ ਸਿੱਖੀ ਸਰੂਪ ਵਿਚ ਤਿਆਰ ਬਰ ਤਿਆਰ ਹੋਕੇ ਆਉਣਾ ਹੈ ਅਤੇ ਸਟੇਜ ਤੇ 1 ਮਿੰਟ ਲਈ ਬੋਲਣ ਦਾ ਸਮਾਂ ਦਿੱਤਾ ਜਾਵੇਗਾ ਜੀ
ਕਵੀਜ਼ ਮੁਕਾਬਲਾ
ਵਿਸ਼ਾ : ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੇ ਜੀਵਨ ਸਬੰਧਿਤ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ
ਅੰਬਾਲਾ ਸ਼ਹਿਰ 0171-2446949
ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਸ੍ਰ. ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ HSGMC
ਸ੍ਰ. ਤਰਵਿੰਦਰਪਾਲ ਸਿੰਘ ਅੰਬਾਲਾ ਐੱਗ੍ਹਿੰਗ ਮੈਂਬਰ HSGMC
ਸ. ਹਰਪਾਲ ਸਿੰਘ ਕੰਬੋਜ ਮੈਂਬਰ, HSGMC
ਸ. ਇੰਦਰਜੀਤ ਸਿੰਘ ਮੈਂਬਰ, HSGMC
ਸ. ਰਜਿੰਦਰ ਸਿੰਘ ਮੈਂਬਰ, HSGMC
ਕੈਪਟਨ ਦਿਲਬਾਗ ਸਿੰਘ ਮੈਂਬਰ, HSGMC
ਜ. ਬਲਜੀਤ ਸਿੰਘ ਦਾਦੂਵਾਲ ਚੇਅਰਮੈਨ, ਧਰਮ ਪ੍ਰਚਾਰ ਕਮੇਟੀ, HSGMC


ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦਾ ਸ਼ਹੀਦੀ ਸਮਾਗਮ
ਅਤੇ ਦਮਦਮੀ ਟਕਸਾਲ ਦੇ ਕਾਰਜਕਾਰੀ ਮੁਖੀ ਸਚਖੰਡਵਾਸੀ
ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ੨੦ਵੀਂ ਸਾਲਾਨਾ ਬਰਸੀ
4 ਰੋਜ਼ਾ ਮਹਾਨ ਗੁਰਮਤਿ ਸਮਾਗਮ
ਸ਼ਨਿਚਰਵਾਰ 21 ਦਸੰਬਰ ਤੋ ਮੰਗਲਵਾਰ 24 ਦਸੰਬਰ 2024
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ
2-8 ਪਾਰਕ ਐਵਨਿਊ, ਸਾਊਥਾਲ, UB1 3AG
ਸ਼ਨਿਚਰਵਾਰ 21 ਦਸੰਬਰ ਰੈਣ ਸਬਾਈ ਕੀਰਤਨ 8:00PM - 5:00AM | ਐਤਵਾਰ 22 ਦਸੰਬਰ ਅੰਮ੍ਰਿਤ ਸੰਚਾਰ 11:00AM | ਐਤਵਾਰ 22 ਦਸੰਬਰ ਅਰੰਭ ਸ੍ਰੀ ਅਖੰਡ ਪਾਠ ਸਾਹਿਬ 4:00PM
ਭੋਗ ਸ੍ਰੀ ਅਖੰਡ ਪਾਠ ਸਾਹਿਬ ਅਤੇ ਮਹਾਨ ਗੁਰਮਤਿ ਸਮਾਗਮ
ਮੰਗਲਵਾਰ 24 ਦਸੰਬਰ 2024 - 3:00PM
ਗੁਰੂ ਸਾਹਿਬਾਣ ਦੇ ਸ਼ਸਤ੍ਰ ਅਤੇ ਕਕਾਰਾਂ ਦੇ ਦਰਸ਼ਨ: ਬਾਬਾ ਭਾਈ ਰੂਪ ਚੰਦ ਜੀ ਦਾ ਖਜਾਨਾ
Organised by: UK Sangat, Students of Damdami Taksal and Panthic Jathebandia
Giani Sohan Singh: 07877 017219 Giani Gurjinder Singh: 07400 830403 Bhai Harjit Singh: 07958 644655 Bhai Harjinder Singh: 07956 007161 Bhai Bhervinder Singh: 07985 246484


National Sahibzade Shaheedi Smagam
20th Annual Barsi of Baba Thakur Singh Jee Khalsa Bhindranwale
4 DAY MAHAAN GURMAT SMAGAM
SAT 21ST – TUES 24TH DECEMBER 2024
SRI GURU SINGH SABHA GURDWARA
2-8 PARK AVENUE, SOUTHALL, UB1 3AG
SAT 21ST DEC REHNSBHAI KIRTAN 8PM-5AM | SUN 22ND DEC AMRIT SANCHAAR 11:00AM | SUN 22ND DEC ARAMBH SRI AKHAND PATH SAHIB 4:00PM
BHOG SRI AKHAND PAATH SAHIB & MAHAAN SMAGAM
TUESDAY 24TH DEC 2024 - 3:00PM
DARSHAN OF GURU SAHIB'S SHASTAR & KAKAARS: THE BHAI ROOP CHAND JI COLLECTION
Sant Baba Anhad Raj Singh Ji Nanaksar Samrala Wale
Sant Baba Shinder Singh Ji Sabhrawa Wale
Sant Baba Bhagwan Singh Ji Rara Sahib - Begowal
Giani Navtej Singh Ji Damdami Taksal
Giani Daljit Singh Ji Damdami Taksal
Bhai Jaswinder Singh Ji Damdami Taksal
Dhadi Jatha Bhai Sukhninder Singh Ji Sabhrava
Giani Jaswinder Singh Ji Damdami Taksal
Bhai Ranjit Singh Ji Damdami Taksal
Bhai Maninder Singh Ji Damdami Taksal
Bhai Lehna Singh Ji Damdami Taksal
Bhai Santokh Singh Ji Jalandhar Wale
Bhai Mehtaab Singh Ji Jalandhar Wale
Bhai Avtar Singh Ji Maskeen
Bhai Harcharan Singh Ji Khalsa
Bhai Nirmal Singh Ji Nagpuri
Bhai Davinder Singh Ji Sodhi
Organised by: UK Sangat, Students of Damdami Taksal and Panthic Jathebandia
Giani Sohan Singh: 07877 017219 Giani Gurjinder Singh: 07400 830403 Bhai Harjit Singh: 07958 644655 Bhai Harjinder Singh: 07956 007161 Bhai Bhervinder Singh: 07985 246484


ੴ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥
ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ ॥ ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ ॥੨॥
ਪਰਮ ਸਤਿਕਾਰ ਯੋਗ ਗੁਰੂ ਪਿਆਰੀ ਸਾਧ ਸੰਗਤ ਜੀ, ਸਨਿਮਰ ਬੇਨਤੀ ਹੈ ਕਿ ਦਮਦਮੀ ਟਕਸਾਲ ਦੇ ਮੁਖੀ ਨਾਮ ਬਾਣੀ ਦੇ ਰਸੀਏ
ਉੱਚੇ- ਸੁੱਚੇ ਜੀਵਨ ਦੇ ਧਾਰਨੀ, ਤਿਆਗ ਬੈਰਾਗ ਦੀ ਮੂਰਤਿ ਅਤੇ ਮਹਾਨ ਪਰਉਪਕਾਰੀ
ਬ੍ਰਹਮਗਿਆਨੀ ਬਾਬਾ ਠਾਕੁਰ ਸਿੰਘ ਜੀ
ਦੀ 20 ਸਾਲਾ ਮਿੱਠੀ ਅਤੇ ਨਿੱਘੀ ਯਾਦ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰੂ ਅਰਜਨ ਦੇਵ ਗੁਰਦੁਆਰਾ, ਸਟੈਨਹੋਪ ਸਟਰੀਟ, ਡਰਬੀ DE23 6QJ ਵਿਖੇ
ਮਿਤੀ 27 ਦਸੰਬਰ 2024 ਤੋਂ 29 ਦਸੰਬਰ 2024 ਨੂੰ ਮਨਾਈ ਜਾ ਰਹੀ ਹੈ।
ਸੱਚਖੰਡ ਵਾਸੀ ਮਹਾਂਪੁਰਖ ਬਾਬਾ ਠਾਕੁਰ ਸਿੰਘ ਜੀ ਖਾਲਸਾ
ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਕਥਾ ਵਾਚਕ ਅਤੇ ਢਾਡੀ ਜੱਥੇ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।
ਪ੍ਰੋਗਰਾਮਾਂ ਦਾ ਵੇਰਵਾ
ਆਰੰਭ ਸ੍ਰੀ ਅਖੰਡ ਪਾਠ ਸਾਹਿਬ 27 ਦਸੰਬਰ 2024 ਦਿਨ ਸ਼ੁੱਕਰਵਾਰ ਸਵੇਰੇ 9:30 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 29 ਦਸੰਬਰ 2024 ਦਿਨ ਐਤਵਾਰ ਸਵੇਰੇ 9:30 ਵਜੇ
ਉਪਰੰਤ ਭਾਰੀ ਦੀਵਾਨ ਸੱਜਣਗੇ
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰ ਕੇ ਲਾਹਾ ਪ੍ਰਾਪਤ ਕਰੋ ਜੀ
ਗੁਰੂ ਪੰਥ ਦੇ ਦਾਸ : ਦਮਦਮੀ ਟਕਸਾਲ ਦੇ ਵਿਦਿਆਰਥੀ ਅਤੇ ਸਮੂਹ ਸਾਧ ਸੰਗਤ ਡਰਬੀ
ਵਿਸ਼ੇਸ਼ ਸਹਿਯੋਗ : ਗੁਰੂ ਅਰਜਨ ਦੇਵ ਗੁਰਦੁਆਰਾ ਪ੍ਰਬੰਧਕ ਕਮੇਟੀ (07916253241, 01332-776872)


ਅਕਾਲ ਸਹਾਇ॥
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਖਾਲਸਾ ਜੀ ਦੀ ਸਲਾਨਾ ਬਰਸੀ ਦੇ ਸਬੰਧ ਵਿੱਚ
ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਮੈਮੋਰੀਅਲ
ਹਸਪਤਾਲ ਮਹਿਤਾ, ਜਿਲ੍ਹਾ ਅੰਮ੍ਰਿਤਸਰ ਵਿਖੇ
17 ਦਸੰਬਰ 2024 ਦਿਨ ਮੰਗਲਵਾਰ
ਸਮਾਂ: ਸਵੇਰੇ 09 ਵਜੇ ਤੋਂ ਦੁਪਹਿਰ 02 ਵਜੇ ਤੱਕ
ਭਾਈ ਰੇਸ਼ਮ ਸਿੰਘ ਅਤੇ ਇੰਗਲੈਂਡ ਦੀਆਂ ਸੰਗਤਾਂ ਵੱਲੋਂ
ਅੱਖਾਂ ਦਾ ਫਰੀ ਕੈਂਪ ਲੱਗ ਰਿਹਾ ਹੈ
ਨੋਟ: ਸਾਰੇ ਮਰੀਜ਼ ਆਪਣੇ ਆਧਾਰ ਕਾਰਡ ਨਾਲ ਲੈ ਕੇ ਆਵੋ ਜੀ।
ਜਿਸ ਵਿੱਚ ਅੱਖਾਂ ਦਾ ਫਰੀ ਚੈੱਕਅੱਪ ਹੋਵੇਗਾ ਅਤੇ ਲੋੜਵੰਦ ਮਰੀਜ਼ਾਂ ਦੇ ਅਪਰੇਸ਼ਨ ਹੋਣਗੇ।
ਇਲਾਕੇ ਦੀਆਂ ਸੰਗਤਾਂ ਨੂੰ ਸਮੇਂ ਸਿਰ ਪਹੁੰਚ ਕੇ ਫਰੀ ਕੈਂਪ ਦਾ ਲਾਭ ਲੈਣ ਵਾਸਤੇ ਬੇਨਤੀ ਕੀਤੀ ਜਾਂਦੀ ਹੈ ਜੀ।
ਸੰਪਰਕ ਨੰ: 70876-64300, 98767-50784, 84271-74813
ਵੱਲੋਂ: ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ)




ਪ੍ਰਬੰਧ ਅਤੇ ਸੰਗਤ ਦੀ ਮੰਗ ਨੂੰ ਮੁੱਖ ਰੱਖਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਵੱਲੋਂ ਇੰਚਾਰਜ ਅਖੰਡ ਪਾਠ ਸਾਹਿਬ ਅਤੇ ਇੰਚਾਰਜ ਰਾਗੀ ਸਿੰਘਾਂ ਨੂੰ ਵਿਸ਼ੇਸ਼ ਨੰਬਰ ਜਾਰੀ ਕੀਤੇ ਗਏ ਹਨ। ਅਖੰਡ ਪਾਠ ਸਾਹਿਬ ਅਤੇ ਰਾਗੀ ਜਥਿਆਂ ਦੇ ਸਬੰਧ ਵਿੱਚ ਜਾਣਕਾਰੀ ਲਈ ਸੰਗਤ ਹੇਠ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰ ਸਕਦੀ ਹੈ।

**ਇੰਚਾਰਜ ਰਾਗੀ ਸਿੰਘਾਂ - 75280 13134**

**ਇੰਚਾਰਜ ਅਖੰਡ ਪਾਠ ਸਾਹਿਬ - 75280 13135**

**ਵੱਲੋਂ: ਮੈਨੇਜਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ**



ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥
ਚਾਰ ਸਾਹਿਬਜ਼ਾਦੇ, ਮਾਤਾ ਗੁਜਰੀ ਜੀ ਅਤੇ ਸਮੂਹ ਸ਼ਹੀਦਾਂ ਸਿੰਘਾਂ-ਸਿੰਘਣੀਆਂ ਦੀ ਯਾਦ ਨੂੰ ਸਮਰਪਿਤ
ਸਲਾਨਾ ਮਹਾਨ ਗੁਰਮਤਿ ਸਮਾਗਮ
ਮਿਤੀ 21, 22, 23 ਦਸੰਬਰ 2024
ਦਿਨ ਸ਼ਨੀਵਾਰ, ਐਤਵਾਰ ਅਤੇ ਸੋਮਵਾਰ ਨੂੰ
(ਰੋਜ਼ਾਨਾ ਸ਼ਾਮ 4 ਵਜੇ ਤੋਂ ਰਾਤ 11 ਵਜੇ ਤੱਕ)
ਪਿੰਡ ਰਸੂਲਪੁਰ ਕਲਾਂ, ਅੱਡਾ ਡੱਡੂਆਣਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ
ਗਿਆਨੀ ਹਰਪ੍ਰੀਤ ਸਿੰਘ ਜੀ ਵਡਾਲਾ
ਕਥਾਵਾਚਕ ਗੁ: ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ
ਬਾਬਾ ਚਰਨਜੀਤ ਸਿੰਘ ਜੱਸੋਵਾਲ
ਕਥਾਵਾਚਕ
ਭਾਈ ਅਮਰਜੀਤ ਸਿੰਘ ਜੀ
ਗਾਲਿਬ ਖੁਰਦ ਵਾਲੇ
ਭਾਈ ਸਿਮਰਨਜੀਤ ਸਿੰਘ ਜੀ ਪਰਵਾਨਾ
ਕਵੀਸ਼ਰੀ ਜਥਾ
ਭਾਈ ਬਿੰਦਰ ਸਿੰਘ ਜੀ
ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ ਜੀ
ਬੀਬੀ ਬੇਅੰਤ ਕੌਰ ਜੀ ਖਾਲਸਾ
ਢਾਡੀ ਜਥਾ
ਭਾਈ ਸੁਖਦੇਵ ਸਿੰਘ ਜੀ ਡੱਲਾ
ਕਥਾਵਾਚਕ
ਭਾਈ ਗੁਰਸੇਵਕਜੀਤ ਸਿੰਘ ਜੀ ਕਲਾਨੌਰ ਵਾਲੇ
ਢਾਡੀ ਜਥਾ
ਭਾਈ ਕੁਲਵਿੰਦਰ ਸਿੰਘ ਜੀ ਮਾਹਲ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
ਗਿ. ਗੁਰਕੀਰਤ ਸਿੰਘ ਜੀ (ਡਬਲ) M.A
ਸ੍ਰੀ ਤਰਨ ਤਾਰਨ ਸਾਹਿਬ - ਕਵੀਸ਼ਰੀ ਜਥਾ
ਭਾਈ ਅੰਮ੍ਰਿਤਪਾਲ ਸਿੰਘ ਜੀ
ਕੀਰਤਨੀ ਜਥਾ
ਭਾਈ ਇਕਪਾਲ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
LIVE ON
Mannat TV
ਨੋਟ: ਗੁਰਬਾਣੀ ਸੁਣਾਉਣ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਜਾਵੇਗਾ।
ਸਰਬੱਤ ਸੰਗਤ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਹਾਜ਼ਰੀਆਂ ਭਰੋ ਅਤੇ ਗੁਰੂ ਘਰ ਦੀਆਂ ਖੁਸ਼ੀਆ ਪ੍ਰਾਪਤ ਕਰੋ ਜੀ।
ਗੁਰੂ ਕਾ ਲੰਗਰ ਅਟੁੱਟ ਵਰਤੇਗਾ
ਵੱਲੋਂ: ਗੁਰਦੁਆਰਾ ਬਾਬਾ ਗੁਰਬਖਸ਼ ਸਾਹਿਬ ਜੀ, ਪਿੰਡ ਰਸੂਲਪੁਰ ਕਲਾਂ ਇਲਾਕਾ ਨਿਵਾਸੀ ਅਤੇ ਸਮੂਹ ਸਾਧ ਸੰਗਤ।
ਸੰਪਰਕ ਕਰੋ: 94640-25066, 98763-16195, 98145-51701
Amar Art Studio




ਕਥਾ ਵਿਚਾਰ
ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ
ਮਿਤੀ 16-17 ਦਸੰਬਰ
ਦਿਨ ਸੋਮਵਾਰ ਤੇ ਮੰਗਲਵਾਰ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਸੰਪਰਕ : 98140-13915
ਸਿੱਧਾ ਪ੍ਰਸਾਰਨ :
CHARDIKLA TIME TV
ਸਮਾਂ : ਸਵੇਰੇ 7.30 ਤੋਂ 8.30 ਤੱਕ

# ਸਿੱਖ ਕ੍ਰਿਸਮਸ ਨਹੀਂ, ਸ਼ਹੀਦੀ ਹਫਤਾ ਮਨਾਉਂਦੇ ਹਨ

ਇਸ ਹਫ਼ਤੇ ਜਿੱਥੇ ਹਰ ਪਾਸੇ ਕ੍ਰਿਸਮਸ ਦੀ ਧੂਮ ਹੈ, ਉਥੇ ਹੀ ਸਿੱਖ ਭਾਈਚਾਰੇ ਦੇ ਲੋਕ ਇਸਨੂੰ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਮਨਾਉਂਦੇ ਹਨ। ਇਸ ਇੱਕ ਹਫ਼ਤੇ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਿਵਾਰ ਸ਼ਹੀਦ ਹੋ ਗਿਆ ਸੀ। ਨਾਨਕਸ਼ਾਹੀ ਕੈਲੰਡਰ ਦੇ ਅਨੁਸਾਰ 21 ਦਸੰਬਰ ਤੋਂ ਲੈ ਕੇ 29 ਦਸੰਬਰ ਤੱਕ ਨੂੰ ਸਿੱਖ ਕੌਮ ਸ਼ਹੀਦੀ ਹਫ਼ਤੇ ਦੇ ਤੌਰ 'ਤੇ ਯਾਦ ਕਰਦੀ ਹੈ। ਸ਼ਰਧਾਵਾਨ ਸਿੱਖ ਜ਼ਮੀਨ 'ਤੇ ਸੌਂ ਕੇ ਮਾਤਾ ਗੁਜਰੀ ਜੀ ਨੂੰ ਯਾਦ ਕਰਦੇ ਹਨ। ਦਰਅਸਲ ਦਸੰਬਰ ਦੀ ਇਸ ਕੜਕੜਾਉਂਦੀ ਠੰਢ ਵਿੱਚ ਮਾਤਾ ਗੁਜਰੀ ਜੀ ਅਤੇ ਦੋਨੋਂ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਠੰਡੇ ਬੁਰਜ ਵਿੱਚ ਖੁੱਲ੍ਹੇ ਆਸਮਾਨ ਹੇਠ ਕੈਦ ਕਰਕੇ ਰੱਖਿਆ ਗਿਆ ਸੀ। ਪੂਰੇ ਹਫ਼ਤੇ ਵਿੱਚ ਕਿਸ ਦਿਨ ਕੀ ਹੋਇਆ, ਦੱਸ ਰਹੇ ਹਾਂ। - ਸਿਮਰਨਜੀਤ ਸਿੰਘ

## 21 ਦਸੰਬਰ



**ਇਸ ਦਿਨ** ਗੁਰੂ ਗੋਬਿੰਦ ਸਿੰਘ ਜੀ ਆਪਣੇ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਕੇ ਚਲੇ ਗਏ ਸਨ। ਅਚਾਨਕ ਮੁਗਲਾਂ ਦੀ ਵਿਸ਼ਾਲ ਸੈਨਾ ਨੇ ਆਨੰਦਪੁਰ ਸਾਹਿਬ ਕਿਲੇ 'ਤੇ ਹਮਲਾ ਕਰ ਦਿੱਤਾ ਸੀ। ਗੁਰੂ ਸਾਹਿਬ ਉਨ੍ਹਾਂ ਨਾਲ ਲੜਨਾ ਚਾਹੁੰਦੇ ਸਨ ਪਰ ਉਥੇ ਮੌਜੂਦ ਹੋਰ ਸਿੱਖਾਂ ਨੇ ਉਨ੍ਹਾਂ ਨੂੰ ਉਥੋਂ ਜਾਣ ਲਈ ਕਿਹਾ, ਜਿਸ ਤੋਂ ਬਾਅਦ ਗੁਰੂ ਗੋਬਿੰਦ ਸਾਹਿਬ ਨੇ ਆਪਣੇ ਪਰਿਵਾਰ ਦੇ ਨਾਲ ਆਨੰਦਪੁਰ ਸਾਹਿਬ ਦਾ ਕਿਲਾ ਛੱਡ ਦਿੱਤਾ। ••

## 22 ਦਸੰਬਰ



**ਆਨੰਦਪੁਰ** ਸਾਹਿਬ ਦਾ ਕਿਲਾ ਛੱਡ ਕੇ ਗੁਰੂ ਸਾਹਿਬ ਜਦੋਂ ਪਰਿਵਾਰ ਸਮੇਤ ਸਰਸਾ ਨਦੀ ਪਾਰ ਕਰਨ ਲੱਗੇ ਤਾਂ ਪਾਣੀ ਦਾ ਵਹਾਅ ਇੰਨਾ ਤੇਜ਼ ਸੀ ਕਿ ਉਨ੍ਹਾਂ ਦਾ ਪੂਰਾ ਪਰਿਵਾਰ ਵਿਛੜ ਗਿਆ। ਵਿਛੜਨ ਤੋਂ ਬਾਅਦ ਗੁਰੂ ਸਾਹਿਬ ਆਪਣੇ ਦੋਵੇਂ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਪਹੁੰਚ ਗਏ। ਉਥੇ ਮਾਤਾ ਗੁਜਰੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਜੀ ਨੂੰ ਗੁਰੂ ਸਾਹਿਬ ਦਾ ਸੇਵਕ ਰਹਿ ਚੁੱਕਾ ਗੰਗੂ ਨਾਮਕ ਬ੍ਰਾਹਮਣ ਆਪਣੇ ਨਾਲ ਲੈ ਗਿਆ, ਪਰ ਉਸਨੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ ਇਸਦੀ ਸੂਚਨਾ ਦੇ ਦਿੱਤੀ। ਫਿਰ ਵਜ਼ੀਰ ਖ਼ਾਨ ਨੇ ਉਨ੍ਹਾਂ ਨੂੰ ਕੈਦ ਕਰ ਲਿਆ। ••

## 23 ਦਸੰਬਰ



**ਇਸ ਦਿਨ** ਚਮਕੌਰ ਦਾ ਯੁੱਧ ਹੋਇਆ, ਜਿਸ ਵਿੱਚ ਮੁਗਲਾਂ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੈਨਾ ਆਹਮਣੇ-ਸਾਹਮਣੇ ਸੀ। ਅਜਿਹਾ ਕਿਹ ਜਾਂਦਾ ਹੈ ਕਿ ਮੁਗਲਾਂ ਦੀ ਸੈਨਾ ਹਜ਼ਾਰਾਂ ਦੀ ਗਿਣਤੀ ਵਿੱਚ ਸੀ ਜਦਕਿ ਸਿੱਖਾਂ ਦੀ ਗਿਣਤੀ ਬਹੁਤ ਘੱਟ ਸੀ। ਇਸਦੇ ਬਾਵਜੂਦ ਉਨ੍ਹਾਂ ਨੇ ਬਹਾਦਰੀ ਦਿਖਾਉਂਦੇ ਹੋਏ ਮੁਗਲਾਂ ਨਾਲ ਲੋਹਾ ਲਿਆ। ਯੁੱਧ ਵਿੱਚ ਆਪਣੇ ਸੈਨਿਕਾਂ ਨੂੰ ਸ਼ਹੀਦ ਹੁੰਦੇ ਦੇਖ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਨੂੰ ਕਿਹਾ ਕਿ ਉਹ ਯੁੱਧ ਵਿੱਚ ਜਾ ਕੇ ਕੌਮ ਦੇ ਲਈ ਲੜਨਾ ਚਾਹੁੰਦੇ ਹਨ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਆਗਿਆ ਦਿੰਦੇ ਹੋਏ ਯੁੱਧ ਵਿੱਚ ਉਤਾਰਿਆ, ਜਿਸ ਵਿੱਚ ਉਨ੍ਹਾਂ ਨੇ ਇੱਕ ਦੇ ਬਾਅਦ ਇੱਕ ਮੁਗਲ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਇਸ ਦਰਮਿਆਨ ਉਹ ਖ਼ੁਦ ਵੀ ਸ਼ਹੀਦ ਹੋ ਗਏ। ਵੱਡੇ ਭਰਾ ਨੂੰ ਯੁੱਧ ਵਿੱਚ ਸ਼ਹੀਦ ਹੁੰਦਾ ਦੇਖ ਬਾਬਾ ਜੁਝਾਰ ਸਿੰਘ ਵੀ ਪਿਤਾ ਜੀ ਦੀ ਆਗਿਆ ਲੈ ਕੇ ਯੁੱਧ ਵਿੱਚ ਉਤਰੇ ਅਤੇ ਉਨ੍ਹਾਂ ਨੇ ਵੀ ਮੁਗਲੀਆ ਸੈਨਾ ਨਾਲ ਲੋਹਾ ਲਿਆ। ਛੋਟੀ ਜਿਹੀ ਉਮਰ ਵਿੱਚ ਉਨ੍ਹਾਂ ਨੇ ਕਈ ਮੁਗਲਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਉਹ ਵੀ ਸ਼ਹੀਦ ਹੋ ਗਏ। ਇਹ ਪੂਰਾ ਨਜ਼ਾਰਾ ਗੁਰੂ ਗੋਬਿੰਦ ਸਿੰਘ ਜੀ ਚਮਕੌਰ ਦੇ ਕਿਲੇ ਤੋਂ ਦੇਖ ਰਹੇ ਸਨ। ••

## 24 ਦਸੰਬਰ



**ਸ੍ਰੀ ਗੁਰੂ** ਗੋਬਿੰਦ ਸਿੰਘ ਜੀ ਇਸ ਯੁੱਧ ਵਿੱਚ ਜਾਣਾ ਚਾਹੁੰਦੇ ਸਨ ਪਰ ਹੋਰ ਸਿੱਖਾਂ ਨੇ ਆਪਣੇ ਅਧਿਕਾਰਾਂ ਦਾ ਇਸਤੇਮਾਲਕਰਦਿਆਂ ਹੋਇਆਂ ਗੁਰੂ ਗੋਬਿੰਦ ਸਿੰਘ ਜੀ ਨੂੰ ਉਥੋਂ ਜਾਣ ਲਈ ਕਿਹਾ। ਗੁਰੂ ਸਾਹਿਬ ਇਸਨੂੰ ਮੰਨਣ ਨੂੰ ਤਿਆਰ ਨਹੀਂ ਸਨ ਪਰ ਹੋਰ ਸਿੱਖਾਂ ਦੇ ਅੱਗੇ ਉਨ੍ਹਾਂ ਨੂੰ ਮਜਬੂਰ ਹੋ ਕੇ ਉਥੋਂ ਜਾਣਾ ਪਿਆ। ਇਸ ਦਰਮਿਆਨ ਉਥੇ ਬਚੇ ਸਿੱਖਾਂ ਨੇ ਮੁਗਲੀਆ ਸੈਨਾ ਨਾਲ ਯੁੱਧ ਕੀਤਾ ਅਤੇ ਲੜਦੇ-ਲੜਦੇ ਸ਼ਹੀਦ ਹੋ ਗਏ। ••

## 25 ਦਸੰਬਰ



**ਜਦੋਂ ਸ੍ਰੀ** ਗੁਰੂ ਗੋਬਿੰਦ ਸਿੰਘ ਜੀ ਇੱਕ ਪਿੰਡ ਪਹੁੰਚੇ ਤਾਂ ਉਥੇ ਉਨ੍ਹਾਂ ਨੂੰ ਬੀਬੀ ਹਰਸ਼ਰਨ ਕੌਰ ਮਿਲੀ, ਜੋ ਗੁਰੂ ਗੋਬਿੰਦ ਸਿੰਘ ਜੀ ਨੂੰ ਆਦਰਸ਼ ਮੰਨਦੀ ਸੀ। ਉਨ੍ਹਾਂ ਨੇ ਸਾਹਿਬਜ਼ਾਦਿਆਂ ਬਾਰੇ ਪੁੱਛਿਆ, ਤਦ ਉਨ੍ਹਾਂ ਦੀ ਸ਼ਹੀਦੀ ਬਾਰੇ ਪਤਾ ਲੱਗਾ। ਇਹ ਸੁਣ ਕੇ ਬੀਬੀ ਹਰਸ਼ਰਨ ਕੌਰ ਤੁਰੰਤ ਚਮਕੌਰ ਪਹੁੰਚੀ, ਜਿੱਥੇ ਉਨ੍ਹਾਂ ਨੇ ਸ਼ਹੀਦ ਸਿੰਘਾਂ ਦੀਆਂ ਲਾਸ਼ਾਂ ਨੂੰ ਦੇਖਿਆ। ਮੁਗਲ ਚਾਹੁੰਦੇ ਸਨ ਕਿ ਇਨ੍ਹਾਂ ਦਾ ਅੰਤਿਮ ਸੰਸਕਾਰ ਨਾ ਕੀਤਾ ਜਾ ਸਕੇ ਅਤੇ ਚੀਲਾਂ, ਗਿੱਧ ਇਨ੍ਹਾਂ ਨੂੰ ਖਾਣ, ਪਰ ਬੀਬੀ ਹਰਸ਼ਰਨ ਕੌਰ ਨੇ ਉਥੇ ਪਹੁੰਚ ਕੇ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕੀਤਾ। ਇਹ ਸਭ ਮੁਗਲ ਸੈਨਾ ਨੇ ਦੇਖ ਲਿਆ। ਉਨ੍ਹਾਂ ਨੇ ਬੀਬੀ ਹਰਸ਼ਰਨ ਕੌਰ ਨੂੰ ਗੁਰੂ ਸਾਹਿਬ ਬਾਰੇ ਪੁੱਛਿਆ ਪਰ ਉਨ੍ਹਾਂ ਕੁਝ ਨਹੀਂ ਦੱਸਿਆ, ਇਸ ਤੋਂ ਬਾਅਦ ਮੁਗਲਾਂ ਨੇ ਉਨ੍ਹਾਂ ਨੂੰ ਵੀ ਅੱਗ ਵਿੱਚ ਧਕੇਲ ਦਿੱਤਾ ਅਤੇ ਉਹ ਸ਼ਹੀਦ ਹੋ ਗਈ। ••

## 26-27 ਦਸੰਬਰ



**ਮਾਤਾ ਗੁਜਰੀ** ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਵਜ਼ੀਰ ਖ਼ਾਂ ਨੇ ਕੈਦ ਕਰ ਲਿਆ ਸੀ। ਇਸ ਦਿਨ ਉਸਦੀ ਕਚਹਿਰੀ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਪੇਸ਼ੀ ਸੀ, ਜਿੱਥੇ ਵਜੀਰ ਖਾਨ ਨ ਛੋਟੇ ਸਾਹਿਬਜ਼ਾਦਿਆਂ ਨੂੰ ਬੇਹੱਦ ਡਰਾਇਆ-ਧਮਕਾਇਆ ਅਤੇ ਉਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ, ਪਰ ਛੋਟੇ ਸਾਹਿਬਜ਼ਾਦਿਆਂ ਨੇ ਬਹਾਦਰੀ ਨਾਲ ਜਵਾਬ ਦਿੰਦੇ ਹੋਏ ਕਿਹਾ ਕਿ 'ਅਸੀਂ ਗੋਬਿੰਦ ਸਿੰਘ ਦੇ ਬੇਟੇ ਹਾਂ। ਮਰ ਜਾਵਾਂਗੇ ਪਰ ਧਰਮ ਨਹੀਂ ਤਿਆਗਾਂਗੇ।' ਇਸ ਦੌਰਾਨ ਉਨ੍ਹਾਂ ਨੇ ਜੋ ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰੇ ਵੀ ਲਗਾਏ, ਜਿਸਨੂੰ ਸੁਣ ਕੇ ਵਜ਼ੀਰ ਖਾਂ ਅਤੇ ਹੋਰ ਲੋਕ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਨੇ ਅਗਲੇ ਦਿਨ ਆਉਣ ਲਈ ਕਿਹਾ ਅਤੇ ਨਾਲ ਹੀ ਇਹ ਵੀ ਕਿਹਾ ਕਿ ਕਲ ਜਾਂ ਤਾਂ ਧਰਮ ਪਰਿਵਰਤਨ ਕਰੋ ਜਾਂ ਮਰਨ ਲਈ ਤਿਆਰ ਰਹੋ। ••

## 28 ਦਸੰਬਰ



**ਠੰਡੇ ਬੁਰਜ** ਵਿੱਚ ਕੈਦ ਸਾਹਿਬਜ਼ਾਦਿਆਂ ਦੀ ਦਾਦੀ ਮਾਤਾ ਗੁਜਰੀ ਜੀ ਨੇ ਦੋਵੇਂ ਸਾਹਿਬਜ਼ਾਦਿਆਂ ਨੂੰ ਬੇਹੱਦ ਪਿਆਰ ਨਾਲ ਤਿਆਰ ਕਰਕੇ ਦੋਬਾਰਾ ਸੂਬੇ ਦੀ ਕਚਹਿਰੀ ਵਿੱਚ ਭੇਜਿਆ। ਇੱਥੇ ਇੱਕ ਵਾਰ ਫਿਰ ਵਜ਼ੀਰ ਖ਼ਾਨ ਨੇ ਸਾਹਿਬਜ਼ਾਦਿਆਂ ਨੂੰ ਧਰਮ ਬਦਲਣ ਲਈ ਕਿਹਾ ਪਰ ਸਾਹਿਬਜ਼ਾਦਿਆਂ ਨੇ ਫਿਰ ਮਨਾ ਕਰ ਦਿੱਤਾ। ਇੱਕ ਵਾਰ ਫਿਰ ਜੈਕਾਰੇ ਲੱਗਣ ਲੱਗੇ। ਇਹ ਸੁਣ ਵਜ਼ੀਰ ਖ਼ਾਨ ਤਿਲਮਿਲਾ ਉੱਠਿਆ ਅਤੇ ਉਸਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਜ਼ਿੰਦਾ ਦੀਵਾਰ ਵਿੱਚ ਚਿਣਵਾਉਣ ਦਾ ਹੁਕਮ ਦੇ ਦਿੱਤਾ। ਇਹ ਸੁਣਕੇ ਵੀ ਛੋਟੇ ਸਾਹਿਬਜਦਿਆਂ ਦਾ ਹੌਸਲਾ ਨਹੀਂ ਡਗਮਗਾਇਆ। ਇਸ ਤਰ੍ਹਾਂ ਵਜ਼ੀਰ ਖ਼ਾਨ ਨੇ ਦੋਹਾਂ ਸਾਹਿਬਜ਼ਾਦਿਆਂ ਨੂੰ ਦੀਵਾਰ ਵਿੱਚ ਚਿਣਵਾ ਕੇ ਸ਼ਹੀਦ ਕਰ ਕਰਵਾ ਦਿੱਤਾ। ਜਿਉਂ ਹੀ ਮਾਤਾ ਗੁਜਰੀ ਜੀ ਤੱਕ ਇਹ ਖ਼ਬਰ ਪਹੁੰਚੀ, ਉਨ੍ਹਾਂ ਨੇ ਵੀ ਪ੍ਰਾਣ ਤਿਆਗ ਦਿੱਤੇ ਅਤੇ ਇਸ ਇੱਕ ਦਿਨ ਮਾਤਾ ਗੁਜਰੀ ਜੀ ਅਤੇ ਦੋਵੇਂ ਛੋਟੇ ਸਾਹਿਬਜ਼ਾਦੇ ਸ਼ਹੀਦ ਹੋ ਗਏ। ••

## 29 ਦਸੰਬਰ



**ਵਜ਼ੀਰ ਖ਼ਾਨ** ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦਾ ਅੰਤਿਮ ਸੰਸਕਾਰ ਕਰਨ ਤੋਂ ਮਨ੍ਹਾ ਕਰ ਦਿੱਤਾ ਸੀ, ਪਰ ਦੀਵਾਨ ਟੋਡਰ ਮੱਲ ਨੇ ਵਜ਼ੀਰ ਖ਼ਾਨ ਤੋਂ ਉਨ੍ਹਾਂ ਦਾ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਮੰਗੀ। ਵਜ਼ੀਰ ਖ਼ਾਨ ਨੇ ਟੋਡਰਮੱਲ ਅੱਗੇ ਸ਼ਰਤ ਰੱਖੀ ਕਿ ਉਹ ਜਿੰਨੀ ਜਗ੍ਹਾ 'ਤੇ ਸੰਸਕਾਰ ਕਰਨਾ ਚਾਹੁੰਦਾ ਹੈ, ਉਨੀ ਜਗ੍ਹਾ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਦੇਵੇ। ਇਹ ਸੁਣਕੇ ਟੋਡਰਮੱਲ ਨੇ ਉਸ ਪੂਰੇ ਹਿੱਸੇ 'ਤੇ ਸੋਨੇ ਦੀਆਂ ਮੋਹਰਾਂ ਵਿਛਾ ਕੇ ਜ਼ਮੀਨ ਲੈ ਲਈ ਅਤੇ ਮਾਤਾ ਗੁਜਰੀ ਜੀ ਅਤੇ ਦੋਵੇਂ ਸਾਹਿਬਜ਼ਾਦਿਆਂ ਦਾ ਅੰਤਿਮ ਸੰਸਕਾਰ ਕਰ ਦਿੱਤਾ। ••

ਆਵਾਜ਼ਿ ਕੌਮ
AWAZE QAUM
International Newspaper & WEB TV

17 ਦਸੰਬਰ ਨੂੰ ਇਸ ਪੰਥਕ ਆਗੂਆਂ ਦਾ ਉੱਚ ਪੱਧਰੀ ਵਫ਼ਦ

# ਸ. ਜਗਜੀਤ ਸਿੰਘ ਡੱਲੇਵਾਲ ਨਾਲ ਮੁਲਾਕਾਤ ਕਰੇਗਾ : ਭਾਈ ਮੋਹਕਮ ਸਿੰਘ, ਭੋਮਾ, ਸਖੀਰਾ






**ਚੰਡੀਗੜ੍ਹ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਰਬੱਤ ਖਾਲਸਾ ਦੇ ਮੁੱਖ ਪ੍ਰਬੰਧਕ , ਦਮਦਮੀ ਟਕਸਾਲ ਦੇ ਆਗੂ ਭਾਈ ਮੋਹਕਮ ਸਿੰਘ , ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ, ਪੰਥਕ ਆਗੂ , ਭਾਈ ਜਰਨੈਲ ਸਿੰਘ ਸਖੀਰਾ ਨੇ ਇੱਕ ਸਾਂਝੇ ਲਿਖਤੀ ਬਿਆਨ ਰਾਹੀਂ ਕੇਂਦਰ ਸਰਕਾਰ ਨੂੰ ਸੁਚੇਤ ਕਰਦਿਆਂ ਕਿਹਾ ਜੇਕਰ ਕਿਸਾਨੀ ਹਿੱਤਾਂ ਲਈ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਸ ਜਗਜੀਤ ਸਿੰਘ ਡੱਲੇਵਾਲ ਦਾ ਕੋਈ ਜਾਨੀ ਨੁਕਸਾਨ ਹੋਇਆ ਤਾਂ ਸਾਰਾ ਪੰਜਾਬ ਸੜਕਾਂ ਤੇ ਆ ਜਾਵੇਗਾ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਜਿਨ੍ਹਾਂ ਮੰਗਾਂ ਨੂੰ ਲੈ ਕੇ ਸ ਜਗਜੀਤ ਸਿੰਘ ਡੱਲੇਵਾਲ ਮਰਨ ਵਰਤ ਤੇ ਬੈਠੇ ਹਨ। ਉਹ ਮੰਗਾਂ ਕੇਂਦਰ ਸਰਕਾਰ ਨੂੰ ਤੁਰੰਤ ਮੰਨਕੇ ਸ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣੀ ਚਾਹੀਦੀ । ਉਹਨਾਂ ਕਿਹਾ ਜੇਕਰ ਕੇਂਦਰ ਸਰਕਾਰ ਦੀ ਅਣਗਹਿਲੀ ਕਰਕੇ ਜਾਂ ਮੈਂ ਨਾ ਮਾਨੂੰ ਦੀ ਨੀਤੀ ਤਹਿਤ ਸ ਜਗਜੀਤ ਸਿੰਘ ਡੱਲੇਵਾਲ ਦਾ ਕੋਈ ਜਾਨੀ ਨੁਕਸਾਨ ਹੋਇਆ ਤਾਂ ਸਾਰੇ ਦੇਸ਼ ਦਾ ਕਿਸਾਨੀ ਸੰਘਰਸ਼ ਇੱਕ ਵਾਰ ਫਿਰ ਦਿੱਲੀ ਦੀਆਂ ਬਰੂਹਾਂ ਤੇ ਆ ਜਾਵੇਗਾ। ਉਹਨਾਂ ਕਿਹਾ ਡੱਲੇਵਾਲ ਪਹਿਲਾਂ ਹੀ ਕੈਂਸਰ ਦਾ ਮਰੀਜ਼ ਹੈ ਮਰਨ ਵਰਤ ਕਰਕੇ ਉਸ ਦਾ ਕਦੇ ਵੀ ਹਾਰਟ ਅਟੈਕ ਨਾਲ ਜਾਨੀ ਨੁਕਸਾਨ ਹੋ ਸਕਦਾ ਹੈ । ਉਹਨਾਂ ਕਿਹਾ ਕੇਂਦਰ ਸਰਕਾਰ ਦੀ ਕਿਸਾਨ ਮਾਰੂ ਨੀਤੀਆਂ ਤਹਿਤ ਦੇਸ਼ ਦਾ ਢਿੱਡ ਭਰਨ ਵਾਲਾ ਕਿਸਾਨ ਜਿਥੇ ਅੱਜ ਖ਼ੁਦਕੁਸ਼ੀਆਂ ਦੇ ਰਾਹ ਪਿਆ ਹੈ । ਉਥੇ ਉਹਨਾਂ ਦੇ ਕਿਸਾਨ ਆਗੂ ਸ ਜਗਜੀਤ ਸਿੰਘ ਡੱਲੇਵਾਲ ਨੂੰ ਵੀ ਕਿਸਾਨੀ ਹਿੱਤਾਂ ਕਾਰਨ ਆਪਣੀ ਜਾਨ ਵੀ ਦਾਅ ਤੇ ਲਾਉਣੀ ਪੈ ਰਹੀ ਹੈ। ਉਨ੍ਹਾਂ ਸਮੁੱਚੀਆਂ ਕਿਸਾਨ ਜਥੇਬੰਦੀਆਂ , ਸੰਤਾਂ ਮਹਾਪੁਰਸ਼ਾਂ , ਪੰਥਕ ਜਥੇਬੰਦੀਆਂ , ਮਜ਼ਦੂਰ ਯੂਨੀਅਨਾਂ , ਬੁਧੀਜੀਵੀਆਂ , ਪੱਤਰਕਾਰ ਭਾਈਚਾਰੇ ਨੂੰ ਅਪੀਲ ਕਰਦਿਆਂ ਕਿਹਾ ਕਿ ਸਭ ਆਪਸੀ ਨੂੰ ਮੱਤਾਦੇਣ ਦੀ ਬਜਾਏ ਸਾਰੇ ਮਤਭੇਦ ਭੁਲਾ ਕੇ ਸੰਕਟ ਦੀ ਘੜੀ ਇੱਕ ਮੁਠਤਾ ਦਾ ਪ੍ਰਗਟਾਵਾ ਕਰਦਿਆਂ ਸ ਜਗਜੀਤ ਸਿੰਘ ਡੱਲੇਵਾਲ ਦੀ ਪਿੱਠ ਤੇ ਆ ਕੇ ਉਸ ਨਾਲ਼ ਚਟਾਨ ਵਾਂਗ ਖੜ੍ਹਨ ਤੇ ਉਸਦੇ ਗੋਡੇ ਨਾਲ ਆ ਕੇ ਬੈਠਣ , ਬਾਅਦ ਵਿੱਚ ਸ਼ਰਧਾਂਜਲੀਆਂ ਦੇਣ ਦਾ ਕੋਈ ਫਾਇਦਾ ਨਹੀਂ। ਉਹਨਾਂ ਦੱਸਿਆ ਕਿ ਸਵੇਰੇ 17 ਦਸੰਬਰ ਨੂੰ ਇੱਕ ਵਜੇ ਪੰਥਕ ਆਗੂਆਂ ਦਾ ਇੱਕ ਉੱਚ ਪੱਧਰੀ ਵਫ਼ਦ ਸ ਜਗਜੀਤ ਸਿੰਘ ਡੱਲੇਵਾਲ ਨੂੰ ਮਿਲੇਗਾ।

**ਜੇਕਰ ਡੱਲੇਵਾਲ ਦਾ ਕੋਈ ਜਾਨੀ ਨੁਕਸਾਨ ਹੋਇਆ ਤਾਂ ਸਾਰਾ ਪੰਜਾਬ ਸੜਕਾਂ ਤੇ ਆ ਜਾਵੇਗਾ**

ਆਵਾਜ਼ਿ ਕੌਮ AWAZE QAUM International Newspaper & WEB TV

ਕਰਨੈਲ ਸਿੰਘ ਸਿੰਘ ਪੰਜੋਲੀ ਨੇ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਤੋਂ ਡੀ ਸੀ ਦਫਤਰ ਤੱਕ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਮਾਰਚ ਕੱਢਿਆ

# ਰਾਸ਼ਟਰਪਤੀ ਦੇ ਨਾਮ ਡੀ ਸੀ ਫਤਹਿਗੜ੍ਹ ਸਾਹਿਬ ਦੇ ਰਾਹੀਂ ਮੰਗ-ਪੱਤਰ ਦਿੱਤਾ ਸੀ








**ਫ਼ਤਹਿਗੜ੍ਹ ਸਾਹਿਬ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਜਿਲਾ ਫਤਹਿਗੜ ਸਾਹਿਬ ਦੀਆਂ ਧਾਰਮਿਕ , ਸਮਾਜਕ ਅਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਸਰਦਾਰ ਕਰਨੈਲ ਸਿੰਘ ਪੰਜੋਲੀ ਮੈਂਬਰ ਸਰੋਮਣੀ ਗੁਰਦੂਆਰਾ ਪਰਬੰਧਕ ਕਮੈਟੀ ਦੀ ਅਗਵਾਈ ਵਿੱਚ ਭਾਰਤ ਦੇ ਰਾਸ਼ਟਰਪਤੀ ਨੂੰ ਡੀ ਸੀ ਫਤਹਿਗੜ ਸਾਹਿਬ ਦੇ ਰਾਹੀਂ ਇੱਕ ਯਾਦਪੱਤਰ ਦਿੱਤਾ । ਪਹਿਲਾ ਕਰਨੈਲ ਸਿੰਘ ਸਿੰਘ ਪੰਜੋਲੀ ਨੇ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਅਰਦਾਸ ਕੀਤੀ ਅਤੇ ਫਿਰ ਗੁਰਦੂਆਰਾ ਸ੍ਰੀ ਫਤਹਿਗੜ ਸਾਹਿਬ ਤੋਂ ਡੀ ਸੀ ਦਫਤਰ ਤੱਕ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਮਾਰਚ ਕੱਢਿਆ ਅਤੇ ਰਾਸ਼ਟਰਪਤੀ ਦੇ ਨਾਮ ਡੀ ਸੀ ਫਤਹਿਗੜ ਸਾਹਿਬ ਦੇ ਰਾਹੀਂ ਮੰਗ-ਪੱਤਰ ਦਿੱਤਾ ਸੀ । ਇਸ ਸਮੇਂ ਸਰਦਾਰ ਦਿਲਬੀਰ ਸਿੰਘ ਸਿੱਧੂਪੁਰ , ਸਰਦਾਰ ਤਰਲੋਚਨ ਸਿੰਘ ਲਾਲੀ, ਸਰਦਾਰ ਮੇਜਰ ਸਿੰਘ ਟਿਵਾਣਾ , ਸਰਦਾਰ ਸਰਿੰਦਰ ਸਿੰਘ ਸੁਹਾਗਹੇੜੀ , ਸਰਦਾਰ , ਰਣਬੀਰ ਸਿੰਘ ਪੁਨੀਆ , ਤੇਜਾ ਸਿੰਘ ਪੰਜੋਲੀ , ਕੁਲਵੰਤ ਸਿੰਘ ਸਿਧਵਾ , ਕੁਲਵਿਦਰ ਸਿੰਘ ਬਲਾਸਪੁਰ , ਬਲਵਿੰਦਰ ਸਿੰਘ ਰਜਿੰਦਰਗੜ , ਗੁਰਵਿੰਦਰ ਸਿੰਘ ਸੋਹੀ , ਸਰਬਜੀਤ ਸਿੰਘ ਸੁਹਾਗਹੇੜੀ , ਹਰਵਿੰਦਰ ਸਿੰਘ ਬੱਬਲ , ਗੁਰਪੀਤ ਸਿੰਘ ਸੈਣੀ ਵਕੀਲ , ਰਾਜਬੀਰ ਸਿੰਘ ਗਰੇਵਾਲ ਵਕੀਲ , ਬਲਜੀਤ ਸਿੰਘ ਬਦੋਛੀ , ਅਵਤਾਰ ਸਿੰਘ ਚਰਨਾਥਲ , ਦਰਸ਼ਨ ਸਿੰਘ ਚਰਨਾਥਲ , ਰਘਵੀਰ ਸਿੰਘ ਪਡਰਾਲੀ , ਹਰਦੇਵ ਸਿੰਘ ਬਾਲਪੁਰ , ਸੁਖਦੇਵ ਸਿੰਘ ਨੰਬਰਦਾਰ ਪੰਜੋਲੀ , ਬਲਵੀਰ ਸਿੰਘ ਭੋਲ਼ਾ ਜਾਗੋ , ਸਤਿਨਾਮ ਸਿੰਘ ਪੰਜੋਲੀ , ਤੇਜਿੰਦਰ ਸਿੰਘ ਲਾਡੀ , ਮੇਜਰ ਸਿੰਘ ਸ਼ਮਸ਼ੇਰਨਗਰ , ਕੁਲਦੀਪ ਸਿੰਘ ਸੈਣੀ , ਹਰਵੇਲ ਸਿੰਘ ਮਾਧੋਪੁਰ , ਜੱਸਾ ਸਿੰਘ ਅਹੂਵਾਲੀਆ , ਬਲਵਿੰਦਰ ਸਿੰਘ ਡੇਰਾ , ਜਗਦੇਵ ਸਿੰਘ ਬਦੋਛੀ , ਮਹਿੰਦਰ ਸਿੰਘ ਬਦੋਛੀ , ਮਲਕੀਤ ਸਿੰਘ ਪੰਜੋਲੀ , ਰਣਧੀਰ ਸਿੰਘ ਨਲੀਨਾ , ਮਨਜੀਤ ਸਿੰਘ ਚਾਹਿਲ , ਰੂਪਿੰਦਰ ਸਿੰਘ , ਨਿਰਭੈ ਸਿੰਘ ਰੁੜਕੀ ਦਿਲਬਾਗ ਸਿੰਘ ਬਦੋਛੀ , ਅਜਾਇਬ ਸਿੰਘ ਸਰਹਿੰਦ ਐਮ ਸੀ ,ਨਿਰਮਲ ਸਿੰਘ ਐਮ ਸੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦੇਸ਼ ਦੇ ਸਕੂਲਾਂ ਵਿੱਚ ਪੜ੍ਹਾਇਆ ਜਾਣਾ ਚਾਹੀਦਾ ਹੈ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਇਤਿਹਾਸ :ਕਰਮਸਰ

## ਦਿੱਲੀ ਕਮੇਟੀ ਦੇ ਅਧੀਨ ਸਕੂਲਾਂ ਵਿੱਚ 17 ਦਿਸੰਬਰ ਤੋਂ ਪੜ੍ਹਾਇਆ ਜਾਏਗਾ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦਾ ਇਤਿਹਾਸ



**ਨਵੀਂ ਦਿੱਲੀ, 16 ਦਿਸੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਦੇ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਦੇਸ਼ ਦੇ ਸਾਰੇ ਸਰਕਾਰੀ ਅਤੇ ਗੈਰ-ਸਰਕਾਰੀ ਸਕੂਲ ਪ੍ਰਬੰਧਕਾਂ ਤੋਂ ਸਾਹਿਬਜ਼ਾਦਿਆਂ ਦੇ ਇਤਿਹਾਸ ਨੂੰ ਪੜ੍ਹਾਉਣ ਦੀ ਅਪੀਲ ਕੀਤੀ ਹੈ। ਜਸਪ੍ਰੀਤ ਸਿੰਘ ਕਰਮਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਿੱਲੀ ਕਮੇਟੀ ਦੇ ਅਧੀਨ ਆਉਂਦੇ ਸਾਰੇ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲਾਂ ਵਿੱਚ 17 ਦਿਸੰਬਰ ਤੋਂ 27 ਦਿਸੰਬਰ ਤੱਕ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦਾ ਇਤਿਹਾਸ ਬੱਚਿਆਂ ਨੂੰ ਪੜ੍ਹਾਇਆ ਜਾਵੇਗਾ ਤਾਂ ਜੋ ਉਹ ਜਾਣ ਸਕਣ ਕਿ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦੇ ਕੌਣ ਸਨ, ਉਨ੍ਹਾਂ ਨੂੰ ਅਤੇ ਮਾਤਾ ਗੁਜਰੀ ਜੀ ਨੂੰ ਕਿਉਂ ਜ਼ਾਲਮ ਹਕੂਮਤ ਨੇ ਸ਼ਹੀਦ ਕੀਤਾ। ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਜਿਵੇਂ ਕਿ ਪਿਛਲੇ ਦਿਨਾਂ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਅਤੇ ਸਰਕਾਰੀ ਪੱਧਰ 'ਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਵੀਰ ਬਾਲ ਦਿਵਸ ਦੇ ਰੂਪ ਵਿੱਚ ਮਨਾਇਆ ਗਿਆ, ਉਸ ਨਾਲ ਬੱਚਿਆਂ ਵਿੱਚ ਇਸ ਬਾਰੇ ਰੁਚੀ ਪੈਦਾ ਹੋਈ ਹੈ ਅਤੇ ਅੱਜ ਬੱਚੇ ਆਪਣੇ ਘਰਾਂ ਵਿੱਚ ਮਾਪੇਆਂ ਤੋਂ ਇਹ ਜਾਣਨ ਦੀ ਇੱਛਾ ਰੱਖਦੇ ਹਨ ਕਿ ਸਾਹਿਬਜ਼ਾਦੇ ਕੌਣ ਸਨ ਅਤੇ ਉਹਨਾਂ ਨੰਨ੍ਹਿਆਂ ਮੂੰਹਾਂ ਨੂੰ ਕਿਉਂ ਦੀਵਾਰਾਂ ਵਿੱਚ ਚਿਨਵਾ ਦਿੱਤਾ ਗਿਆ ਸੀ। ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਇਸ ਦਿਸ਼ਾ ਵਿੱਚ ਸਾਡੀ, ਖਾਸ ਕਰਕੇ ਸਿੱਖ ਵਿਦਵਾਨਾਂ, ਪ੍ਰਚਾਰਕਾਂ ਅਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਬੱਚਿਆਂ ਨੂੰ ਇਤਿਹਾਸ ਦੀ ਵਿਸਥਾਰ ਨਾਲ ਜਾਣਕਾਰੀ ਦਿਤੀ ਜਾਵੇ। ਇਸ ਲਈ, ਦਿੱਲੀ ਦੇ ਸਾਰੇ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲਾਂ ਵਿੱਚ 10 ਦਿਨਾਂ ਤੱਕ ਰੋਜ਼ਾਨਾ ਬੱਚਿਆਂ ਨੂੰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦਾ ਇਤਿਹਾਸ ਪੜ੍ਹਾਇਆ ਜਾਵੇਗਾ, ਅਤੇ ਸੈਬੀਐਸਈ ਦੇ ਸਿਲੇਬਸ ਵਿੱਚ ਵੀ ਸਾਹਿਬਜ਼ਾਦਿਆਂ ਦੇ ਗੌਰਵਮਈ ਇਤਿਹਾਸ ਦਾ ਚੈਪਟਰ ਸ਼ਾਮਲ ਕਰਨ ਲਈ ਸੰਬੰਧਿਤ ਅਧਿਕਾਰੀਆਂ ਅਤੇ ਪ੍ਰਸ਼ਾਸਨ ਨਾਲ ਗੱਲ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪਾਕਿਸਤਾਨ ਤੋਂ ਰਫਿਊਜੀ ਬਣਕੇ ਆਣ ਵਾਲੇ ਹਰਦੀਪ ਸਿੰਘ ਪੁਰੀ ਰੋਹਿੰਗਿਆ ਨੂੰ ਕਾਨੂੰਨੀ ਤੌਰ ਤੇ ਸਥਾਪਿਤ ਹੋਣ ਲਈ ਅਮਲ ਕਿਉਂ ਨਹੀਂ ਕਰਵਾਉਦੇ ? : ਮਾਨ



**ਨਵੀਂ ਦਿੱਲੀ, 16 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- "ਜਦੋਂ ਕੌਮਾਂਤਰੀ ਪੱਧਰ ਤੇ ਦੂਸਰੇ ਮੁਲਕਾਂ ਵਿਚੋਂ ਉਥੋ ਦੀਆਂ ਹਕੂਮਤਾਂ ਵੱਲੋ ਗੈਰ ਕਾਨੂੰਨੀ ਤਸੱਦਦ, ਜੁਲਮ ਅਤੇ ਬੇਇਨਸਾਫੀਆਂ ਦਾ ਸਾਹਮਣਾ ਕਰਨ ਵਾਲੀਆ ਕੌਮਾਂ, ਫਿਰਕਿਆ ਆਦਿ ਨੂੰ ਹਰ ਮੁਲਕ ਵਿਚ ਬਤੌਰ ਰਫਿਊਜੀ ਸ਼ਰਨ ਦੇਣ ਦਾ ਕਾਨੂੰਨ ਅਮਲ ਵਿਚ ਹੈ, ਤਾਂ ਫਿਰ ਜੋ ਰੋਹਿੰਗਿਆ ਦੀ ਕੌਮ ਜੁਲਮ ਦਾ ਟਾਕਰਾ ਕਰਦੀ ਹੋਈ ਇੰਡੀਆ ਵਿਚਬ ਤੌਰ ਸਰਨਾਰਥੀ ਆਏ ਹਨ, ਤਾਂ ਉਨ੍ਹਾਂ ਨੂੰ ਹਿੰਦੂਤਵ ਹੁਕਮਰਾਨ ਕੌਮਾਂਤਰੀ ਕਾਨੂੰਨ ਅਨੁਸਾਰ ਸਥਾਪਿਤ ਤੇ ਸਹਿਯੋਗ ਕਰਨ ਦੀ ਬਜਾਇ ਜ਼ਬਰੀ ਗੈਰ ਕਾਨੂੰਨੀ ਕਹਿਕੇ ਇਥੋ ਕੱਢਣ ਦੇ ਅਮਲ ਕਰਕੇ ਮਨੁੱਖਤਾ ਵਿਰੋਧੀ ਕਾਰਵਾਈਆ ਕਰ ਰਹੀ ਹੈ । ਸ. ਹਰਦੀਪ ਸਿੰਘ ਪੁਰੀ ਜੋ ਸੈਂਟਰ ਦੀ ਹਕੂਮਤ ਵਿਚ ਪੈਟਰੋਲੀਅਮ ਤੇ ਕੁਦਰਤੀ ਸੋਮਿਆ ਦੇ ਵਜੀਰ ਹਨ ਅਤੇ ਖੁਦ ਪਾਕਿਸਤਾਨ ਤੋ ਰਫਿਊਜੀ ਹੋ ਕੇ ਇਧਰ ਆਏ ਹਨ ਅਤੇ ਜਿਨ੍ਹਾਂ ਨੂੰ ਰਫਿਊਜੀਆਂ ਦੇ ਦੁੱਖ ਤਕਲੀਫਾਂ ਸੰਬੰਧੀ ਭਰਪੂਰ ਜਾਣਕਾਰੀ ਹੈ, ਉਹ ਹੁਣ ਆਮ ਆਦਮੀ ਪਾਰਟੀ ਵੱਲੋ ਰੋਹਿੰਗਿਆ ਦੇ ਵਿਸੇ ਉਤੇ ਆਪ ਜੀ ਨੂੰ ਨਿਸ਼ਾਨਾਂ ਬਣਾਉਣ ਉਪਰੰਤ ਇਨ੍ਹਾਂ ਰਫਿਊਜੀ ਰੋਹਿੰਗਿਆ ਨੂੰ ਇੰਡੀਆ ਵਿਚ ਕੌਮਾਂਤਰੀ ਕਾਨੂੰਨ ਅਧੀਨ ਸਥਾਪਿਤ ਕਰਨ ਤੋ ਪਿੱਛੇ ਕਿਉਂ ਹੱਟ ਰਹੇ ਹਨ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਰੋਹਿੰਗਿਆ ਦੀ ਇੰਡੀਆ ਵਿਚ ਆਈ ਕੌਮ ਜੋ ਬਤੌਰ ਰਫਿਊਜੀ ਇਥੇ ਵੱਸਣ ਤੇ ਰਹਿਣ ਦੇ ਹੱਕਦਾਰ ਹਨ, ਉਨ੍ਹਾਂ ਉਤੇ ਮੁਤੱਸਵੀ ਮੋਦੀ ਹਕੂਮਤ ਵੱਲੋ ਅਪਣਾਈ ਜਾ ਰਹੀ ਜਾਬਰ ਨੀਤੀ ਉਤੇ ਸ. ਹਰਦੀਪ ਸਿੰਘ ਪੁਰੀ, ਜੋ ਰਫਿਊਜੀਆ ਸੰਬੰਧੀ ਪੂਰੀ ਜਾਣਕਾਰੀ ਰੱਖਦੇ ਹਨ, ਵੱਲੋ ਆਪਣੀ ਤੋ ਪਿੱਛੇ ਹੱਟਣ ਉਤੇ ਜਨਤਾ ਦੀ ਕਚਹਿਰੀ ਵਿਚ ਖੜ੍ਹਾ ਕਰਦੇ ਹੋਏ ਅਤੇ ਇਥੋ ਦੇ ਹੁਕਮਰਾਨਾਂ ਨੂੰ ਕੌਮਾਂਤਰੀ ਕਾਨੂੰਨਾਂ ਅਧੀਨ ਰੋਹਿੰਗਿਆ ਨੂੰ ਰਫਿਊਜੀ ਸਟੇਟਸ ਦੇ ਕੇ ਵਸਾਉਣ ਅਤੇ ਉਨ੍ਹਾਂ ਨੂੰ ਤੰਗ ਪ੍ਰੇਸਾਨ ਨਾ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਘੁੱਲੀ ਨੇ ਪੇਧਨੀ ਕਲਾਂ ਵਿਖੇ ਵਾਰਡ ਨੰ 2 ਚ ਪਾਈਪ ਲਾਈਨ ਦਾ ਕੀਤਾ ਉਦਘਾਟਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਕੈਂਪ ਦੇ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਨੇ ਅੱਜ ਪਿੰਡ ਪੇਧਨੀ ਕਲਾਂ ਵਿਖੇ ਸਰਪੰਚ ਕਰਮਜੀਤ ਕੌਰ ਪਤਨੀ ਸ੍ਰ, ਮੱਖਣ ਸਿੰਘ ਅਤੇ ਵਾਰਡ ਨੰਬਰ 2 ਦੇ ਮੈਂਬਰ ਕੁਲਦੀਪ ਸਿੰਘ ਕਲੇਰ, ਵਾਰਡ ਨੰ 1ਦੇ ਮੈਬਰ ਸੁਰਜੀਤ ਸਿੰਘ ਦੀ ਅਗਵਾਈ ਹੇਠ ਸੀਵਰੇਜ ਪਾਈਪ ਲਾਈਨ ਪਾਉਣ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਵੱਲੋਂ ਪਿੰਡਾਂ ਦੇ ਵਿੱਚ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਲਈ ਹਰ ਪਿੰਡਾਂ ਦੇ ਸਰਪੰਚਾਂ ਨੂੰ ਪਈਆਂ ਗਰਾਂਟਾਂ ਨੂੰ ਲਾਉਣ ਦੇ ਆਦੇਸ਼ ਦਿੱਤੇ ਗਏ ਹਨ ਅਤੇ ਜਦੋਂ ਪੁਰਾਣੀਆਂ ਗਰਾਂਟਾਂ ਲੱਗ ਗਈਆਂ ਤਾਂ ਉਸ ਨੂੰ ਪਿੰਡ ਨੂੰ ਨਵਾਂ ਪੈਸਾ ਦਿੱਤਾ ਜਾਵੇਗਾ। ਹਰ ਪਿੰਡ ਨੂੰ ਸੂਬੇ ਦੀ ਮਾਨ ਸਰਕਾਰ ਨਮੂਨੇ ਦਾ ਪਿੰਡ ਬਣਾਉਣਾ ਚਾਹੁੰਦੀ ਹੈ। ਇਸ ਮੌਕੇ ਬੀਡੀਪੀਓ ਪ੍ਰਦੀਪ ਸਾਰਦਾ, ਨੰਬਰਦਾਰ ਰਜਿੰਦਰ ਸਿੰਘ ਸੰਧੂ, ਗੁਰਜੀਤ ਸਿੰਘ ਕਾਂਝਲਾ, ਸੈਕਟਰੀ ਬਲਜੀਤ ਸਿੰਘ , ਜਸਵਿੰਦਰ ਸਿੰਘ ਖੁਰਮੀ, ਹਰਪ੍ਰੀਤ ਸਿੰਘ ਗਿੱਲ,ਰਾਜਵਿੰਦਰ ਸਿੰਘ,ਬਿੱਟੂ ਮੈਂਬਰ, ਗਗਨਦੀਪ ਸਿੰਘ, ਹਰਪਾਲ ਸਿੰਘ ਪੂੰਨਾਵਾਲ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਅਟਾਰੀ ਦੇ ਵਿੱਚ

# ਭਾਈ ਜੇਠਾ ਜੀ ਦੀ ਯਾਦ ਦੇ ਵਿੱਚ ਕਰਵਾਇਆ ਗਿਆ ਦੂਜਾ ਕਬੱਡੀ ਕੱਪ







**ਫਿਰੋਜ਼ਪੁਰ, 13 ਦਸੰਬਰ (ਸੁਖਮੰਦਰ ਸਿੰਘ ਸ਼ਾਤ )**-ਅੱਜ ਪਿੰਡ ਅਟਾਰੀ ਦੇ ਵਿੱਚ ਭਾਈ ਜੇਠਾ ਜੀ ਦੀ ਯਾਦ ਦੇ ਵਿੱਚ ਦੂਸਰਾ ਕਬੱਡੀ ਕੱਪ ਕਰਵਾਇਆ ਗਿਆ ਜਿਸ ਵਿੱਚ ਛੋਟੇ ਬੱਚਿਆਂ ਦੀਆਂ ਟੀਮਾਂ ਅਤੇ ਲੜਕੀਆਂ ਦੀਆਂ ਟੀਮਾਂ ਨੇ ਆਪਣੇ ਜੌਹਰ ਦਿਖਾਏ ਅਤੇ ਉਸ ਤੋਂ ਬਾਅਦ ਇੱਕ ਸ਼ੋ ਮੈਚ ਹੋਇਆ ਜਿਸ ਵਿੱਚ ਗੋਪੀ ਫਰੰਦੀਪੁਰੀਆ ਅਤੇ ਹੋਰ ਨਾਮੀ ਦੇ ਪੰਜਾਬ ਦੇ ਉੱਗੇ ਖਿਡਾਰੀ ਨਿਆਣ ਕੇ ਆਪਣੇ ਜੌਹਰ ਦਿਖਾਏ ਜਿਸ ਵਿੱਚ ਇਲਾਕੇ ਭਰ ਤੋਂ ਸੰਗਤਾਂ ਹੁੰਮ ਹੁਮਾ ਕੇ ਪੁੱਜੀਆਂ ਅਤੇ ਇਸ ਮੇਲੇ ਦੀਆਂ ਰੌਣਕਾਂ ਨੂੰ ਵਧਾਇਆ ਮੇਲੇ ਦੇ ਪ੍ਰਬੰਧਕਾਂ ਨੇ ਕਿਹਾ ਕਿ ਇਸ ਮੇਲੇ ਨੂੰ ਕਰਾਉਣ ਦਾ ਮਕਸਦ ਸੀ ਕਿ ਬੱਚਿਆਂ ਨੂੰ ਨਸ਼ਿਆਂ ਤੋਂ ਬਚਾ ਕੇ ਅਤੇ ਖੇਡਾਂ ਦੇ ਵੱਲ ਪ੍ਰੇਰਿਤ ਕੀਤਾ ਜਾਵੇ ਅਤੇ ਇਸ ਦੇ ਵਿੱਚ ਸਰਪੰਚ ਸਰਵਣ ਸਿੰਘ ਨੇ ਨੌਜਵਾਨੀ ਨੂੰ ਅਪੀਲ ਕੀਤੀ ਕਿ ਉਹ ਇਹਨਾਂ ਗਰਾਊਂਡਾਂ ਦੇ ਵੱਲ ਨੂੰ ਆਪਣਾ ਧਿਆਨ ਦੇਣ ਅਤੇ ਸਰਕਾਰ ਨੂੰ ਕਿਹਾ ਕਿ ਸਰਕਾਰ ਵੀ ਪਿੰਡਾਂ ਪਿੰਡਾਂ ਦੇ ਵਿੱਚ ਖੇਡ ਗਰਾਊਂਡ ਬਣਾਏ

**ਨਾਮੀ ਪੰਜਾਬ ਦੇ ਪਲੇਅਰਾ ਨੇ ਆਪਣੇ ਜੌਹਰ ਦਿਖਾਏ ਗੋਪੀ ਫਰੰਦੀ ਫਰਿਆ ਬਣਿਆ ਖਿੱਚ ਦਾ ਕੇਂਦਰ ਇਲਾਕੇ ਭਰਦੀਆਂ ਸੰਗਤਾਂ ਨੇ ਮੇਲੇ ਦੀਆਂ ਅਤੇ ਗਰਾਊਂਡ ਦਾ ਜਾਂ ਰੌਣਕਾਂ ਨੂੰ ਵਧਾਇਆ**

**ਫਿਰੋਜ਼ਪੁਰ ਤੋਂ ਸੁਖਮੰਦਰ ਸਿੰਘ ਸ਼ਾਂਤ ਦੀ ਵਿਸ਼ੇਸ਼ ਰਿਪੋਰਟ**

### ਸੱਤਿਆ ਐਲੀਮੈਂਟਰੀ ਸਕੂਲ ਹਠੂਰ ਵਿੱਚ

# ਸਾਬਕਾ ਵਿਦਿਆਰਥੀਆਂ ਦਾ ਮਿਲਣੀ ਸਮਾਰੋਹ ਕਰਵਾਇਆ



ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ ਦੀ ਦੇਖ ਰੇਖ ਹੇਠ ਸਾਬਕਾ ਵਿਦਿਆਰਥੀਆਂ ਦਾ ਮਿਲਣੀ ਸਮਾਰੋਹ ਕਰਵਾਇਆ ਗਿਆ, ਸਾਬਕਾ ਵਿਦਿਆਰਥੀਆਂ ਬਹੁਤ ਹੀ ਉਤਸ਼ਾਹ ਨਾਲ ਪਹੁੰਚੇ ਤੇ ਸਮੂਹ ਸਕੂਲ ਸਟਾਫ਼ ਨੇ ਵਿਦਿਆਰਥੀਆਂ ਨੂੰ ਜੀ ਆਇਆਂ ਆਖਿਆ, ਸਕੂਲ ਦੇ ਬੱਚਿਆਂ ਡਾਂਸ, ਅਤੇ ਹੋਰ ਵੱਖ ਵੱਖ ਤਰੀਕਿਆਂ ਨਾਲ ਮਨੋਰੰਜਨ ਕੀਤਾ, ਸਕੂਲ ਦੇ ਬੱਚਿਆਂ ਵੱਲੋਂ ਸਕੂਲ ਸਟਾਫ਼ ਨੂੰ ਮੈਥ ਪ੍ਰੋਜੈਕਟ ਬਣਾ ਕੇ ਵਿਖਾਏ, ਬੱਚਿਆਂ ਵੱਲੋਂ ਵੱਖ ਵੱਖ ਤਰ੍ਹਾਂ ਦੇ ਟੌਪਿਕ ਬੋਲੇ ਗਏ, ਸਾਬਕਾ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਵੱਲੋਂ ਬੱਚਿਆਂ ਨੂੰ ਸਚੁੱਜੇ ਭਵਿੱਖ ਲਈ ਉਤਸ਼ਾਹਿਤ ਕੀਤਾ ਗਿਆ, ਤੇ ਸਕੂਲ ਸਟਾਫ਼ ਅਤੇ ਬੱਚਿਆਂ ਨਾਲ ਆਪਣੇ ਵਿਚਾਰਾਂ ਅਤੇ ਤਜਰਬਿਆਂ ਨੂੰ ਸਾਂਝਾ ਕੀਤਾ, ਸਕੂਲ ਵਿੱਚ ਪਹੁੰਚ ਕੇ ਸਾਬਕਾ ਵਿਦਿਆਰਥੀ ਅਤੇ ਵਿਦਿਆਰਥਣਾਂ ਬਹੁਤ ਖੁਸ਼ ਹੋਏ, ਤੇ ਸਕੂਲ ਸਟਾਫ਼ ਵੱਲੋਂ ਉਨ੍ਹਾਂ ਦਾ ਹੌਸਲਾ ਅਫਜ਼ਾਈ ਕੀਤਾ, ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿੱਥੇ ਸਕੂਲ ਦੇ ਸਾਬਕਾ ਵਿਦਿਆਰਥੀ ਅਤੇ ਵਿਦਿਆਰਥਣਾਂ ਸਕੂਲ ਪਹੁੰਚ ਕੇ ਬੇਹੱਦ ਖੁਸ਼ ਨਜ਼ਰ ਆਏ ਉੱਥੇ ਬੱਚਿਆਂ ਦੁਆਰਾ ਮਨੋਰੰਜਨ ਕੀਤਾ ਗਿਆ ਮੈਡਮ ਸੀਮਾ ਰਾਣੀ ਨੇ ਅੱਗੇ ਕਿਹਾ ਕਿ ਸੱਤਿਆ ਐਲੀਮੈਂਟਰੀ ਸਕੂਲ ਹਠੂਰ ਵਿੱਚ ਜਿੱਥੇ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਲ ਕਰਵਾਈ ਜਾਂਦੀ ਹੈ ਉੱਥੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਦੇ ਉਪਰਾਲੇ ਕਰਨ ਦੇ ਨਾਲ ਨਾਲ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਤੇ ਸਮੇਂ ਸਮੇਂ ਤੇ ਵੱਖ ਵੱਖ ਕੰਪੀਟੀਸ਼ਨ ਕਰਵਾਏ ਜਾਂਦੇ ਹਨ। ਤੇ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ, ਮੈਡਮ ਮੋਨਿਕਾ ਜੈਨ, ਰਾਜਵੰਤ ਕੌਰ, ਮਨਪ੍ਰੀਤ ਕੌਰ, ਅਨੂ ਰਾਣੀ, ਗੁਰਪ੍ਰੀਤ ਕੌਰ, ਗੁਰਜੀਤ ਕੌਰ, ਜਸਪ੍ਰੀਤ ਕੌਰ, ਪ੍ਰੀਤ ਸਿੰਘ, ਅਤੇ ਧਰਮਿੰਦਰ ਸਿੰਘ ਆਦਿ ਹਾਜ਼ਰ ਸਨ।

**ਸਾਬਕਾ ਵਿਦਿਆਰਥੀ-ਅਤੇ ਵਿਦਿਆਰਥਣਾਂ ਨੇ ਆਪਣੇ ਵਿਚਾਰਾਂ ਅਤੇ ਤਜਰਬਿਆਂ ਨੂੰ ਸਾਂਝਾ ਕੀਤਾ -ਮੈਡਮ ਸੀਮਾ ਰਾਣੀ**

# ਗੋਲਡਨ ਲਾਟਰੀ ਏਜੰਸੀ ਬਣੀ ਸਟਾਕਿਸਟ




**ਚੌਕ ਮਹਿਤਾ, 16ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਟੇਟ ਲਾਟਰੀਜ ਬੰਪਰ ਦੇ ਵਿਸ਼ੇਸ਼ ਡੀਸਟਿਬਿਊਟਰ ਦੇ ਨੁਮਾਇੰਦੇ ਸ੍ਰੀ ਸੂਰਿਆ ਕਾਂਤ ਲੁਧਿਆਣਾ ਤੋਂ ਗੋਲਡਨ ਲਾਟਰੀ ਏਜੰਸੀ ਮਹਾਂ ਸਿੰਘ ਗੇਟ ਵਿਖੇ ਪਹੁੰਚੇ ਅਤੇ ਗੋਲਡਨ ਲਾਟਰੀ ਏਜੰਸੀ ਦੇ ਮਾਲਕ ਰਣਜੀਤ ਸਿੰਘ ਨੂੰ ਪੰਜਾਬ ਸਟੇਟ ਲਾਟਰੀ ਏਜੰਸੀ ਦਾ ਸਟਾਕਿਸਟ ਬਣਾਇਆ ਇਸ ਮੌਕੇ ਗੋਲਡਨ ਲਾਟਰੀ ਏਜੰਸੀ ਦੇ ਮਾਲਕ ਰਣਜੀਤ ਸਿੰਘ ਨੂੰ ਸ੍ਰੀ ਸੂਰਿਆ ਕਾਂਤ ਜੀ ਵਲੋ ਵਿਸ਼ੇਸ਼ ਤੌਰ ਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ ਅਤੇ ਦੱਸਿਆ ਕਿ ਪਹਿਲਾ ਓਹ 35 ਸਾਲ ਤੋ ਟਿਕਟ ਵੇਚਦੇ ਸਨ ਕੰਪਨੀ ਵਲੋ ਓਹਨਾਂ ਦੀਆ ਵਧੀਆ ਸੇਵਾਵਾਂ ਨੂੰ ਵੇਖਦੇ ਹੋਏ ਸਟਾਕਿਸਟ ਬਣਾਇਆ ਗਿਆ ਹੈ ਅਤੇ ਕੰਪਨੀ ਵਲੋ ਮਿਲੀ ਹੋਈ ਜਿੰਮੇਵਾਰੀ ਨੂੰ ਪੂਰੀ ਤਰ੍ਹਾ ਨਾਲ ਨਿਭਾਉਣਗੇ ਇਸ ਮੌਕੇ ਓਹਨਾਂ ਵਲੋ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਇਸ ਮੌਕੇ ਪ੍ਰੇਮ ਨਾਥ ਸ਼ਰਮਾ,ਸੂਦ ਸਾਹਿਬ, ਵਿੱਕੀ,ਤਲਵਿੰਦਰ ਸਿੰਘ,ਗੋਲਡੀ,ਪਵਨ ਕੁਮਾਰ,ਰਾਜ ਕੁਮਾਰ, ਗਗਨਦੀਪ ਸਿੰਘ, ਵਿੱਪੁਲ, ਸੰਕਰ ਆਦਿ ਹਾਜ਼ਰ ਸਨ।

# 18 ਦਸੰਬਰ ਨੂੰ ਸ਼ੁਰੂ ਹੋਵੇਗਾ ਗੁਰੂ ਕਾਸ਼ੀ ਯੂਨੀਵਰਸਿਟੀ ਦਾ ਖੇਡ ਮਹਾਂ-ਕੁੰਭ

## ਭਾਰਤ ਦੀਆਂ 159 ਯੂਨੀਵਰਸਿਟੀਆਂ ਦੇ 1100 ਖਿਡਾਰੀ ਲੈਣਗੇ ਹਿੱਸਾ



**ਤਲਵੰਡੀ ਸਾਬੋ, 16 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਅਕਾਦਮਿਕ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਹਰ ਰੋਜ਼ ਨਵੇਂ ਮੀਲ-ਪੱਥਰ ਸਥਾਪਿਤ ਕਰ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ ਦਾ ਖੇਡ ਮਹਾਂ-ਕੁੰਭ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ 18 ਦਸੰਬਰ, 2024 ਨੂੰ ਆਲ ਇੰਡੀਆ ਇੰਟਰ ਯੂਨੀਵਰਸਿਟੀ ਬਾਕਸਿੰਗ ਚੈਂਪੀਅਨਸ਼ਿਪ (ਲੜਕੀਆਂ) ਨਾਲ ਸ਼ੁਰੂ ਹੋਵੇਗਾ। ਜਿਸ ਵਿਚ ਮੁੱਕੇਬਾਜੀ ਏਸ਼ੀਅਨ ਸੋਨ ਤਗਮਾ ਜੇਤੂ, ਐੱਸ ਐੱਸ ਪੀ ਵਿਜੀਲੈਂਸ ਬਠਿੰਡਾ ਹਰਪਾਲ ਸਿੰਘ ਬਤੌਰ ਮੁੱਖ ਮਹਿਮਾਨ, ਸਿਮਰਨਜੀਤ ਕੌਰ ਉਲੰਪੀਅਨ ਬਾਕਸਿੰਗ, ਅਮਨਪ੍ਰੀਤ ਕੌਰ ਮੁੱਖ ਕੋਚ, ਯੂਥ ਇੰਡੀਅਨ ਟੀਮ ਸਪੋਰਟਸ ਅਥਾਰਿਟੀ ਆਫ ਇੰਡੀਆ ਤੇ ਅਭਿਸ਼ੇਕ ਮਾਲਵੀਆ ਹਾਕੀ ਪਰਫਾਰਮੈਂਸ ਮੈਨੇਜਰ ਮੁੱਕੇਬਾਜੀ, ਸਪੋਰਟਸ ਅਥਾਰਿਟੀ ਆਫ ਇੰਡੀਆ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਖੇਡ ਮੇਲੇ ਦੀਆਂ ਤਿਆਰੀਆਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਚਾਂਸਲਰ ਸਿੱਧੂ ਨੇ ਦੱਸਿਆ ਕਿ ਇਸ ਵਿਸ਼ਾਲ ਖੇਡ ਮੇਲੇ ਲਈ ਯੂਨੀਵਰਸਿਟੀ ਵਲੋਂ ਹਰ ਤਰ੍ਹਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਹਨਾਂ ਦੱਸਿਆ ਕਿ ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ ਵਲੋਂ ਜੀ.ਕੇ.ਯੂ ਨੂੰ 9 ਚੈਂਪੀਅਨਸ਼ਿਪਸ ਦੇ ਆਯੋਜਨ ਦੀ ਮੇਜਬਾਨੀ ਸੌਂਪੀ ਗਈ ਹੈ। ਜਿਸ ਲਈ ਯੂਨੀਵਰਸਿਟੀ ਵਲੋਂ ਉੱਤਮ ਦਰਜੇ ਦੇ ਇਨਡੋਰ ਅਤੇ ਆਊਟਡੋਰ ਖੇਡ ਮੈਦਾਨ ਤਿਆਰ ਕਰ ਲਏ ਗਏ ਹਨ। ਇਸ ਤੋਂ ਇਲਾਵਾ ਆਯੋਜਨ ਨੂੰ ਸਮੇਂਬਧ ਅਤੇ ਨਿਯਮਾਂ ਅਨੁਸਾਰ ਚਲਾਉਣ ਲਈ 200 ਅਧਿਕਾਰੀਆਂ ਅਤੇ ਲਗਭਗ 300 ਵਲੰਟੀਅਰਾਂ ਦੀ ਡਿਊਟੀ ਲਗਾਈ ਗਈ ਹੈ। ਉਹਨਾਂ ਡਾ.ਪੀਯੂਸ਼ ਵਰਮਾ, ਕਾਰਜਕਾਰੀ ਉਪ-ਕੁਲਪਤੀ ਨੂੰ ਮੇਜਬਾਨੀ ਹਾਸਲ ਕਰਨ ਦੀ ਵਧਾਈ ਦਿੰਦਿਆਂ ਕਿਹਾ ਕਿ 'ਵਰਸਿਟੀ ਵਲੋਂ ਪਿਛਲੇ ਵਰ੍ਹੇ ਸਫਲਤਾ ਪੂਰਵਕ ਆਯੋਜਿਤ ਕੀਤੀਆਂ ਗਈਆਂ ਵੱਖ-ਵੱਖ ਚੈਂਪੀਅਨਸ਼ਿਪਸ ਦੀ ਕਾਮਯਾਬੀ ਨੂੰ ਧਿਆਨ ਵਿੱਚ ਰੱਖਦੇ ਹਾਂ ਹੋਇਆਂ 'ਵਰਸਿਟੀ ਨੂੰ ਇਹ ਮਾਣਮੱਤੀ ਪ੍ਰਾਪਤੀ ਹਾਸਲ ਹੋਈ ਹੈ। ਡਾ. ਵਰਮਾ ਨੇ ਆਯੋਜਨ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜੀ.ਕੇ.ਯੂ ਪਰਿਵਾਰ ਇਸ ਆਯੋਜਨ ਦੀ ਸਫਲਤਾ ਲਈ ਕੋਈ ਕਸਰ ਬਾਕੀ ਨਹੀਂ ਛੱਡੇਗਾ। ਉਹਨਾਂ ਕਿਹਾ ਕਿ ਨੌਜਵਾਨ ਵਰਗ ਵਿਚ ਖੇਡਾਂ ਅਤੇ ਸਰੀਰਕ ਤੰਦਰੁਸਤੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਇਸ ਤਰਾਂ ਦੇ ਆਯੋਜਨ ਕੀਤੇ ਜਾਂਦੇ ਹਨ। ਉਹਨਾਂ ਕਿਹਾ ਕਿ ਖੇਡਾਂ ਵਿਚ ਹਿੱਸਾ ਲੈਣ ਨਾਲ ਨੌਜਵਾਨ ਸਮੇਂ ਦੇ ਪਾਬੰਦ, ਅਨੁਸ਼ਾਸਨ ਵਿੱਚ ਰਹਿਣਾ ਸਿਖਦੇ ਹਨ ਅਤੇ ਨਸ਼ੇ ਵਰਗੀ ਨਾ-ਮੁਰਾਦ ਬੀਮਾਰੀ ਤੋਂ ਦੂਰ ਰਹਿੰਦੇ ਹਨ। ਡਾ. ਰਾਜ ਕੁਮਾਰ ਸ਼ਰਮਾ, ਡਾਇਰੈਕਟਰ ਸਪੋਰਟਸ ਨੇ 45 ਦਿਨ ਚੱਲਣ ਵਾਲੇ ਏਸ ਖੇਡ ਮੇਲੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਭਾਰਤ ਦੀਆਂ 159 ਯੂਨੀਵਰਸਿਟੀਆਂ ਦੇ ਲਗਭਗ 1100 ਖਿਡਾਰੀ ਆਪਣੀ ਜੋਰ ਅਜ਼ਮਾਇਸ਼ ਕਰਨਗੇ। ਉਹਨਾਂ ਦੱਸਿਆ ਕਿ 12 ਵੇਟ ਕੈਟੇਗਰੀ ਵਿੱਚ ਖਿਡਾਰੀਆਂ ਦਾ ਭਾਰ ਚੈੱਕਅਪ ਅਤੇ ਮੈਡੀਕਲ ਫਿਟਨੈਸ ਟੈਸਟ 17 ਦਸੰਬਰ, 2024 ਤੋਂ ਹੀ ਸ਼ੁਰੂ ਹੋ ਜਾਵੇਗਾ।



## ਜਨਮ ਦਿਨ ਮੁਬਾਰਕ

**ਅਵਨੀਤ ਕੌਰ ਰਾਜੀਆਂ**

ਮਾਤਾ ਪਿਤਾ : ਰਾਜਵੀਰ ਸਿੰਘ / ਗੁਰਵਿੰਦਰ ਸਿੰਘ

### ਕੈਨੇਡੀਅਨ ਸਿੱਖ ਜਥੇਬੰਦੀਆਂ ਵਲੋਂ ਕਿਸਾਨਾਂ ਦੇ ਹੱਕ ਵਿੱਚ

# ਭਾਰਤੀ ਕੌਂਸਲੇਟ ਦਫ਼ਤਰ ਵੈਨਕੂਵਰ ਕੈਨੇਡਾ ਸਾਹਮਣੇ ਵਿਸ਼ਾਲ ਮੁਜਾਹਿਰਾ





**ਨਵੀਂ ਦਿੱਲੀ, 16 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):**-ਕੈਨੇਡੀਅਨ ਸਿੱਖ ਜਥੇਬੰਦੀਆਂ ਅਤੇ ਐਸਐਫਜੇ ਵੱਲੋਂ ਦਿੱਤੀ ਕਾਲ ਅਨੁਸਾਰ ਹਜਾਰਾਂ ਲੋਕਾਂ ਨੇ ਭਾਰਤੀ ਕੌਂਸਲੇਟ ਦਫ਼ਤਰ ਟੋਰੰਟੋ ਅਤੇ ਵੈਨਕੂਵਰ ਅੱਗੇ ਇੱਕਤਰ ਹੋ ਕੇ ਭਾਰਤ ਦੇ ਸੰਘਰਸ਼ੀਲ ਕਿਸਾਨਾਂ ਦੇ ਹੱਕ ਵਿੱਚ ਹਾਅ ਦਾ ਨਾਹਰਾ ਮਾਰਿਆ ਅਤੇ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਦਿੱਲੀ ਦੇ ਬਾਰਡਰਾਂ ਵੱਲ ਨੂੰ ਵੱਧ ਰਹੀਆਂ ਤੇ ਆਰ-ਪਾਰ ਦੀ ਲੜਾਈ ਲੜ ਰਹੀਆਂ ਪੰਜਾਬ ਅਤੇ ਦੇਸ਼ ਦੀਆਂ ਅਨੇਕਾਂ ਸੰਘਰਸ਼ੀਲ ਕਿਸਾਨ ਜਥੇਬੰਦੀਆਂ ਨਾਲ ਆਪਣੀ ਏਕਤਾ ਅਤੇ ਸਹਿਯੋਗ ਦਾ ਪ੍ਰਗਟਾਵਾ ਕੀਤਾ। ਭਾਈ ਹਰਦੀਪ ਸਿੰਘ ਨਿੱਝਰ ਦੇ ਸ਼ਹੀਦੀ ਅਸਥਾਨ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਕੈਨੇਡਾ ਤੋਂ ਬੀਤੀ 13 ਦਸੰਬਰ ਨੂੰ ਸਵੇਰੇ 10 ਵਜੇ ਕਾਰ ਰੈਲੀ ਦੇ ਰੂਪ ਵਿੱਚ ਇੱਕ ਵੱਡਾ ਕਾਫਲਾ ਭਾਰਤ ਦੇ ਕੌਂਸਲੇਟ ਦਫਤਰ ਵੈਨਕੂਵਰ ਵੱਲ ਨੂੰ ਰਵਾਨਾ ਹੋਇਆ ।ਉਪਰੰਤ ਭਾਰਤ ਦੇ ਕੌਂਸਲੇਟ ਦਫਤਰ ਮੂਹਰੇ ਇੱਕ ਵੱਡਾ ਪ੍ਰਦਰਸ਼ਨ ਵੀ ਕੀਤਾ ਗਿਆ ਜਿਸ ਵਿਚ ਸਿੱਖ ਜਥੇਬੰਦੀਆਂ ਦੇ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਵੱਡੇ ਇਕੱਠ ਨੂੰ ਸੰਬੋਧਿਤ ਕੀਤੇ । ਜੈਕਾਰਿਆਂ ਦੇ ਰੂਪ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਭਾਰਤ ਵਿੱਚ ਕਿਸਾਨਾਂ ਵਿਰੁੱਧ ਹੋ ਰਹੇ ਧੱਕੇਸ਼ਾਹੀਆਂ ਖਿਲਾਫ ਕੈਨੇਡਾ ਅੰਦਰ ਕਿਸਾਨੀ ਮੋਰਚੇ ਦੇ ਹਕ. ਵਿੱਚ ਅੰਦੋਲਨ ਨੂੰ ਹੋਰ ਵੀ ਪ੍ਰਚੰਡ ਕੀਤਾ ਜਾਏਗਾ । ਬੁਲਾਰਿਆ ਨੇ ਕਿਸਾਨਾਂ ਉਪਰ ਵਾਰ ਵਾਰ ਕੀਤੇ ਜਾਂਦੇ ਲਾਠੀਚਾਰਜ, ਜਲਤੋਪਾਂ ਦੀ ਬੁੱਛਾੜਾ ਅਤੇ ਅੱਥਰੂਗੈਸ ਦੀ ਵਰਤੋਂ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਕਰਾਰ ਦੇਂਦਿਆ ਮਾਮਲੇ ਨੂੰ ਸੰਸਾਰ ਪੱਧਰ ਦੀਆਂ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਣ ਵਾਲੀਆਂ ਸੰਸਥਾਵਾਂ ਕੋਲ ਚੱਕਣ ਦੀ ਗੱਲ ਕੀਤੀ। ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਤੋਂ ਭਾਈ ਨਰਿੰਦਰ ਸਿੰਘ ਖਾਲਸਾ, ਅਵਤਾਰ ਸਿੰਘ ਖਹਿਰਾ, ਗੁਰਭੇਜ ਸਿੰਘ ਬਾਠ, ਮਲਕੀਤ ਸਿੰਘ ਫੌਜੀ, ਸਿੱਖਸ ਫਾਰ ਜਸਟਿਸ ਤੋਂ ਭਾਈ ਰਣਜੀਤ ਸਿੰਘ ਅਤੇ ਬਾਬਾ ਬੰਦਾ ਸਿੰਘ ਬਹਾਦਰ ਐਬਸਫੋਰਡ ਤੋਂ ਭਾਈ ਰਣਜੀਤ ਸਿੰਘ ਖਾਲਸਾ ਸਮੇਤ ਵਡੀ ਗਿਣਤੀ ਅੰਦਰ ਸੰਗਤਾਂ ਪਹੁੰਚੀਆਂ ਸਨ।

### ਰਾਜ ਸਾਹਿਤ ਸਭਾ ਮਹਾਰਾਸ਼ਟਰ ਵਿੱਚ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ

# 30 ਘੰਟੇ ਦਾ ਆਨਲਾਈਨ ਪ੍ਰੋਗਰਾਮ ਸ਼ੁਰੂ ਕਰੇਗੀ: ਮਲਕੀਤ ਸਿੰਘ ਬੱਲ

**ਚੌਕ ਮਹਿਤਾ, 16 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼ਹਿਰ ਅਤੇ ਰਾਜ ਵਿੱਚ ਪੰਜਾਬੀਆਂ ਦੀ ਨਵੀਂ ਪੀੜ੍ਹੀ ਦੇ ਰਾਸ਼ਨ, ਭਾਸ਼ਾ, ਖਾਸ ਕਰਕੇ ਇਸਦੀ ਲਿਪੀ ਨਾਲ ਵੱਧ ਰਹੇ ਸੰਪਰਕ ਨੂੰ ਵੇਖਦਿਆਂ, ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਕੁਝ ਜ਼ਰੂਰੀ ਕਦਮ ਚੁੱਕਣ ਦਾ ਫੈਸਲਾ ਲਿਆ ਜਿਸ ਵਿੱਚ 30 ਘੰਟੇ ਦੀ ਆਨਲਾਈਨ ਸਿਖਲਾਈ ਕੋਰਸ ਸ਼ੁਰੂਆਤ ਵੀ ਸ਼ਾਮਲ ਹੈ ਇਸ ਮੌਕੇ ਬਾਲ ਮਲਕੀਤ ਸਿੰਘ ਨੇ ਕਿਹਾ, "ਅਸੀਂ ਇਸ ਔਨਲਾਈਨ ਕੋਰਸ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਜੌ ਕਿ 6 ਜਨਵਰੀ ਨੂੰ ਆ ਰਿਹਾ ਹੈ ਨੂੰ ਸ਼ੁਰੂ ਕਰਨ ਦੀ ਯੋਜਨਾ ਬਣਾ ਰਹੇ ਹਾਂ ਇਹ ਯਕੀਨੀ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ ਕਿ ਇਹ ਕੋਰਸ "73 ਪਲੇਟਫਾਰਮ 'ਤੇ ਵੀ ਉਪਲਬਧ ਹੋਵੇ ਇਸ ਮੌਕੇ ਮਲਕੀਤ ਸਿੰਘ ਬੱਲ ਕਾਰਜਕਾਰੀ ਚੇਅਰਮੈਨ, ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਨੇ ਕਿਹਾ ਕਿ ਅਕਾਦਮੀ ਪੰਜਾਬੀ ਭਾਸ਼ਾ ਅਤੇ ਸਾਹਿਤ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ। ਹਾਲ ਹੀ ਵਿੱਚ, ਅਕੈਡਮੀ ਦੇ ਮੈਂਬਰਾਂ ਦੇ ਇੱਕ ਵਫ਼ਦ ਨੇ ਰਾਜ ਦੇ ਘੱਟ ਗਿਣਤੀ ਵਿਕਾਸ ਵਿਭਾਗ ਦੀ ਪ੍ਰਮੁੱਖ ਸਕੱਤਰ ਰਿਚਾ ਬਾਗਲਾ, ਡਿਪਟੀ ਸਕੱਤਰ ਐਮਡੀ ਤਹਿਸੀਲਦਾਰ ਅਤੇ ਹੋਰ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ ਅਤੇ "ਅਸੀਂ ਭਾਸ਼ਾ ਨੂੰ ਪ੍ਰਫੁੱਲਤ ਕਰਨ ਬਾਰੇ ਚਰਚਾ ਕੀਤੀ। ਭਾਸ਼ਾ ਨੂੰ ਉਤਸ਼ਾਹਿਤ ਕਰਨ ਦੇ ਉਪਾਵਾਂ ਵਿੱਚੋਂ ਇੱਕ ਵਿੱਚ ਇੱਕ ਔਨਲਾਈਨ ਅਧਿਆਪਨ ਕੋਰਸ ਵੀ ਸ਼ਾਮਲ ਸੀ ਇਹ ਇੱਕ ਮਜ਼ਬੂਤ ਭਾਵਨਾ ਹੈ ਕਿ, ਭਾਵੇਂ ਸਿੱਖਾਂ ਸਮੇਤ ਬਹੁਤੇ ਪੰਜਾਬੀਆਂ, ਹਮ ਪੰਜਾਬੀ ਗੀਤ, ਖਾਸ ਤੌਰ 'ਤੇ ਪ੍ਰਸਿੱਧ ਪੌਪ ਗਾਇਕਾਂ ਦੁਆਰਾ ਪੇਸ਼ ਕੀਤੇ ਗਏ, ਉਨ੍ਹਾਂ ਵਿੱਚੋਂ ਬਹੁਤ ਸਾਰੇ ਰਾਜ ਘੱਟ ਗਿਣਤੀ ਵਿਕਾਸ ਵਿਭਾਗ ਦੀ ਪ੍ਰਮੁੱਖ ਸਕੱਤਰ ਰਿਚਾ ਬਾਗਲਾ (ਅਤਿ ਸੱਜੇ) ਮਹਾਰਾਸ਼ਟਰ ਪੰਜਾਬੀ ਸਾਹਿਤ ਅਕਾਦਮੀ ਦੇ



ਮੈਂਬਰਾਂ ਨਾਲ ਪੰਜਾਬੀ ਵਿੱਚ ਗੱਲਬਾਤ ਕਰੋ ਭਾਵੇਂ ਅੱਜ ਦਿਲਜੀਤ ਦੁਸਾਂਝ ਹੋਵੇ ਜਾਂ ਦਲੇਰ ਮਹਿੰਦੀ, ਇਸ ਤੋਂ ਪਹਿਲਾਂ ਦੇ ਪੰਜਾਬੀ ਗਾਇਕ ਅਤੇ ਅਦਾਕਾਰ ਆਪਣੇ ਸੰਗੀਤ ਸਮਾਰੋਹਾਂ 'ਤੇ ਹਜ਼ਾਰਾਂ ਦੀ ਗਿਣਤੀ ਵਿਚ ਆਉਂਦੇ ਹਨ ਭਾਵੇਂ ਕਈਆਂ ਨੂੰ ਭਾਸ਼ਾ ਸਮਝ ਨਾ ਆਉਂਦੀ ਹੋਵੇ ਸ਼ਰਧਾਲੂ ਗੁਰਦੁਆਰਿਆਂ ਅਤੇ ਨਿਜੀ ਸਮਾਗਮਾਂ ਵਿੱਚ ਖੇਡੀ ਜਾਣ ਵਾਲੀ ਗੁਰਬਾਣੀ ਰਾਹੀਂ ਵੀ ਬੈਠਦੇ ਹਨ ਭਾਵੇਂ ਉਹ ਭਾਸ਼ਾ ਜਿਸ ਵਿੱਚ ਧਾਰਮਿਕ ਉਪਦੇਸ਼ ਅਤੇ ਉਪਦੇਸ਼ ਪੂਰੀ ਤਰ੍ਹਾਂ ਸਮਝ ਨਹੀਂ ਆਉਂਦੇ ਹਨ। ਪਹਿਲਾਂ, ਗੁਰਦੁਆਰਿਆਂ ਦਾ ਪ੍ਰਬੰਧ ਕਰਨ ਵਾਲੀਆਂ ਕੁਝ ਕਮੇਟੀਆਂ ਪੰਜਾਬੀਆਂ ਲਈ ਸਰੀਰਕ ਕਲਾਸਾਂ ਚਲਾਉਂਦੀਆਂ ਸਨ, ਪਰ ਹੌਲੀ-ਹੌਲੀ ਵਿਦਿਆਰਥੀਆਂ ਦੀ ਗਿਣਤੀ ਘਟਣ ਕਾਰਨ ਇਹ ਬੰਦ ਹੋ ਗਈਆਂ। ਸਥਿਤੀ ਨੂੰ ਦੇਖਦੇ ਹੋਏ, ਅਕੈਡਮੀ ਨੇ ਭਾਸ਼ਾ ਨੂੰ ਆਨਲਾਈਨ ਪੜ੍ਹਾਉਣ ਦਾ ਫੈਸਲਾ ਕੀਤਾ ਹੈ ਤਾਂ ਜੋ ਵਿਦਿਆਰਥੀ ਲਾਗਇਨ ਕਰ ਸਕਣ ਅਤੇ ਆਪਣੀ ਸਹੂਲਤ ਅਨੁਸਾਰ ਇਸਨੂੰ ਸਿੱਖ ਸਕਣ। 30-ਘੰਟੇ ਦੇ ਕੋਰਸ ਦੇ ਪੂਰਾ ਹੋਣ 'ਤੇ, ਹਰੇਕ ਵਿਦਿਆਰਥੀ ਨੂੰ ਇੱਕ ਸਰਟੀਫਿਕੇਟ ਦਿੱਤਾ ਜਾਵੇਗਾ ਜੋ ਭਾਸ਼ਾ ਵਿੱਚ ਉੱਚ ਕੋਰਸਾਂ ਲਈ ਮੇਨਰੋਲ ਦੀ ਮਦਦ ਕਰ ਸਕਦਾ ਹੈ।

# ਵਿਧਿਆ ਮੰਦਰ ਵਿਖੇ ਦਾਨ ਉਤਸਵ ਦਾ ਆਯੋਜਨ



**ਚੌਕ ਮਹਿਤਾ, 16 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗਰੀਬੀ ਰੇਖਾ ਤੋਂ ਥੱਲੇ ਰਹਿ ਰਹੇ 465 ਵਿਦਿਅਰਥੀਆ ਨੂੰ ਗਰਮ ਜੁਰਾਬਾਂ, ਗਰਮ ਕਪੜੇ, ਕਾਪੀਆਂ, ਕਿਤਾਬਾਂ, ਸਟੇਸ਼ਨਰੀ, ਮਿਠਾਈ, ਫਲ ਆਦਿ ਵੰਡੇ ਗਏ ਜਿਸ ਨਾਲ ਬੱਚਿਆਂ ਦੇ ਚਿਹਰੇ ਖੁਸ਼ੀ ਨਾਲ ਖਿਲ ਗਏ। ਦਾਨ ਉਤਸਵ ਦਾ ਆਯੋਜਨ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ. ਸਵਰਾਜ ਗਰੋਵਰ, ਸਕੂਲ ਸੰਸਥਾਪਕ ਸ. ਅਜੀਤ ਸਿੰਘ, ਮੁੱਖ ਅਧਿਆਪਿਕਾ ਸੀਮਾ ਅਰੋੜਾ ਦੀ ਅਗਵਾਈ ਹੇਠ ਮਕਬੂਲਪੁਰਾ ਮੌਜੂਦ ਸੀਨੀਅਰ ਫੋਰਮ ਵਿਧਿਆ ਮੰਦਰ ਵਿਖੇ ਕੀਤਾ ਗਿਆ। ਦਾਨ ਉਤਸਵ ਵਿੱਚ ਹੋਲੀ ਹਾਰਟ ਸਕੂਲ ਦੀ ਡਾਇਰੈਕਟਰ ਸ਼੍ਰੀਮਤੀ ਅੰਜਨਾ ਸੇਠ ਅਤੇ ਸ਼ਿਲਪਾ ਸੇਠ ਨੇ ਕਿਤਾਬਾਂ ਅਤੇ ਕਾਪੀਆਂ ਪ੍ਰਦਾਨ ਕੀਤੀਆਂ। ਪਰੋਪਕਾਰ ਸਮਿਤੀ ਦੇ ਸੰਸਥਾਪਕ ਸਮਾਜ ਸੇਵੀ ਸ਼੍ਰੀ ਅਸ਼ਵਨੀ ਸੋਨੀ, ਪਰੋਪਕਾਰ ਸਮਿਤੀ ਦੇ ਅਧਿਅਕਸ਼ ਸ਼੍ਰੀਮਤੀ ਮਨੀਸ਼ਾ ਸੋਨੀ ਅਰੋੜਾ, ਯੂ.ਪੀ. ਕਲਿਯਾਨ ਪਰਿਸ਼ਦ ਦੇ ਮਹਾਸਚਿਵ ਰਾਮ ਭਵਨ ਗੋਸਵਾਮੀ, ਰਾਸ਼ਟਰੀ ਗਾਯਕ ਗੁਰਪ੍ਰੀਤ ਸਿੰਘ ਅਤੇ ਸਮਾਜ ਸੇਵੀਕਾ ਡਾਲੀ ਭਾਟਿਆ ਦੇ ਯੋਗਦਾਨ ਨਾਲ ਦਾਨ ਉਤਸਵ ਪ੍ਰੋਗਰਾਮ ਸਫਲ ਰਿਹਾ ਗੁਰਪ੍ਰੀਤ ਸਿੰਘ ਦੇ ਮਨਮੋਹਕ ਗੀਤ ਸੁਣ ਕੇ ਬੱਚੇ ਝੁਮਨ ਅਤੇ ਨੱਚਣ ਲਗੇ। ਕੁਲਦੀਪ ਕੌਰ ਨੇ ਵੀ ਆਪਣੇ ਗੀਤਾ ਨਾਲ ਰੋਣਕ ਲਗਾਈ ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਦੁਖੀਆਂ ਦੀ ਝੋਲੀ ਨੂੰ ਖੁਸ਼ੀਆਂ ਨਾਲ ਭਰਨਾ ਹੀ ਚੰਗਾ ਜੀਵਨ ਹੈ। ਇਹ ਬੱਚੇ ਸਾਡੇ ਦੇਸ਼ ਦਾ ਭੱਵਿਖ ਹਨ। ਬੱਚਿਆਂ ਨੂੰ ਨੈਤਿਕ, ਸਮਾਜਿਕ ਅਤੇ ਮਨੁੱਖੀ ਮੁੱਲਾਂ ਨਾਲ ਜਾਣੂ ਕਾਰਵਾਉਣਾ ਜਰੂਰੀ ਹੈ। ਸ. ਅਜੀਤ ਸਿੰਘ ਨੇ ਕਿਹਾ ਕਿ ਇਹ ਬੱਚੇ ਸਾਡੀ ਅਮਾਨਤ ਹਨ ਜਿਨਾਂ ਦੇ ਜੀਵਨ ਨੂੰ ਸਵਾਰਨਾਂ ਸਾਡੀ ਜਿਮੇਦਾਰੀ ਹੈ ।ਵਿਧਿਆਰਥੀ ਜੀਵਨ ਸਕਾਰਾਤਮਕ ਅਤੇ ਉਤਸਾਹਵਾਨ ਹੋਣਾ ਜਰੂਰੀ ਹੈ ਇਸ ਮੌਕੇ ਮਨੀਸ਼ਾ ਸੋਨੀ ਅਰੋੜਾ, ਡਾਲੀ ਭਾਟਿਆ, ਰਾਮਭਵਨ ਗੋਸਵਾਮੀ ਨੇ ਸਕੂਲ ਦੀ ਗਤਿਵਿਧੀਆਂ ਦੀ ਤਾਰੀਫ ਕੀਤੀ। ਇੰਦਰਜੀਤ, ਰੀਚਾ, ਦਵਿੰਦਰ, ਸਰਬਜੀਤ, ਮਨਪ੍ਰੀਤ, ਗੀਤਿਕਾ, ਕੋਮਲਪ੍ਰੀਤ, ਪ੍ਰਭਜੀਤ, ਜੋਤੀ, ਅਮਰਪ੍ਰੀਤ, ਸੰਦੀਪ, ਗੋਰੀ, ਅਮਨਦੀਪ, ਚਰਨਜੀਤ ਅਤੇ ਰਾਣੀ ਨੇ ਬੱਚਿਆਂ ਦੀ ਮਦਦ ਕਰਨ ਦਾ ਸੰਕਲਪ ਲਿਆ।

# ਬਲਬੀਰ ਸਿੰਘ ਬੱਲ ਬਣੇ ਇੰਸਪੈਕਟਰ



**ਚੌਕ ਮਹਿਤਾ, ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਬ ਇੰਸਪੈਕਟਰ ਬਲਬੀਰ ਸਿੰਘ ਬੱਲ ਬਟਾਲਾ ਦੀਆਂ ਚੰਗੀਆਂ ਪੁਲਿਸ ਸੇਵਾਵਾਂ ਨੂੰ ਦੇਖਦਿਆਂ ਹੋਇਆਂ ਸ੍ਰੀ ਗੌਰਵ ਯਾਦਵ ਡੀਜੀਪੀ ਪੰਜਾਬ ਅਤੇ ਸੁਹੇਲ ਕਾਸਮ ਮੀਰ ਐੱਸਐੱਸਪੀ ਬਟਾਲਾ ਵਲੋਂ ਸਬ ਇੰਸਪੈਕਟਰ ਬਲਬੀਰ ਸਿੰਘ ਬੱਲ ਨੂੰ ਤਰੱਕੀ ਦੇ ਕੇ ਇੰਸਪੈਕਟਰ ਦੇ ਅਹੁਦੇ ਤੇ ਤਹਿਨਾਤ ਕੀਤਾ ਹੈ।ਇਸ ਮੌਕੇ ਇੰਸਪੈਕਟਰ ਬਲਬੀਰ ਸਿੰਘ ਬੱਲ ਨੇ ਪੰਜਾਬ ਸਰਕਾਰ ਤੇ ਸੀਨੀਅਰ ਪੁਲਿਸ ਅਧਿਕਾਰੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਹਾ ਮੈਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ।

## ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਜਗਜੀਤ ਸਿੰਘ ਡੱਲੇਵਾਲ ਜ਼ੋ ਕਿ 20 ਦਿਨਾਂ ਤੋਂ ਭੁੱਖ ਹੜਤਾਲ ਤੇ ਬੈਠੇ ਹਨ ਖਨੋਰੀ ਬਾਰਡਰ ਤੇ ਪਹੁੰਚੇ



ਫ਼ਿਰੋਜ਼ਪੁਰ, 16 ਦਸੰਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਜਗਜੀਤ ਸਿੰਘ ਡੱਲੇਵਾਲ ਜ਼ੋ ਕਿ 20 ਦਿਨਾਂ ਤੋਂ ਭੁੱਖ ਹੜਤਾਲ ਤੇ ਬੈਠੇ ਹਨ ਅਤੇ ਉਨ੍ਹਾਂ ਦੀ ਸਿਹਤ ਦਿਨੋਂ—ਦਿਨ ਵਿਗੜਦੀ ਜਾ ਰਹੀ ਹੈ, ਜੇਕਰ ਜਗਜੀਤ ਸਿੰਘ ਡੱਲੇਵਾਲ ਨੂੰ ਕੁਝ ਹੋ ਗਿਆ ਤਾਂ ਕਿਸਾਨ ਤੁਹਾਨੂੰ ਅਤੇ ਤੁਹਾਡੀ ਸਰਕਾਰ ਨੂੰ ਕਦੇ ਮੁਆਫ ਨਹੀਂ ਕਰਨਗੇ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਜਲਦੀ ਤੋਂ ਜਲਦੀ ਮੰਗਾਂ ਮੰਨ ਲੈਣ। ਸੰਤ ਬਾਬਾ ਬੋਹੜ ਸਿੰਘ ਜੀ ਨੇ ਅੱਗੇ ਕਿਹਾ ਕਿ ਇਹ ਇਕੱਲੇ ਕਿਸਾਨਾਂ ਦਾ ਮਸਲਾ ਨਹੀਂ ਹੈ, ਬਲਕਿ ਸਾਰਿਆਂ ਦਾ ਮਸਲਾ ਹੈ, ਜੇਕਰ ਸਾਡਾ ਅੰਨਦਾਤਾ ਇਨ੍ਹਾਂ ਠੰਡੀਆਂ ਰਾਤਾਂ ਵਿਚ ਸੜਕਾਂ ਤੇ ਸੋਵੇ ਕਿੰਨੇ ਦੁੱਖ ਦੀ ਗੱਲ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ 101 ਸੁਰਜੀਵੜੇ ਜਿਹੜੇ ਖਨੌਰੀ ਬਾਰਡਰ ਤੇ ਜਾ ਰਹੇ ਸੀ ਤਾਂ ਉਥੋਂ ਦੀ ਪੁਲਿਸ ਨੇ ਉਨ੍ਹਾਂ ਉਪਰ ਅੱਥਰੂ ਗੈਸ ਦੇ ਗੋਲੇ ਦਾਗੇ, ਗੰਦੇ ਪਾਣੀ ਦੀਆਂ ਬੁਛਾਰਾ ਮਾਰੀਆਂ, ਜਿਸ ਨਾਲ ਤਕਰੀਬਨ 16 ਕਿਸਾਨ ਗੰਭੀਰ ਰੂਪ ਵਿਚ ਜਖਮੀ ਹੋ ਗਏ ਹਨ, ਉਨ੍ਹਾਂ ਨੂੰ ਹਸਪਤਾਲਾਂ ਵਿਚ ਦਾਖਲ ਕਰਵਾਇਆ ਹੈ। ਇਸ ਦੀ ਸਰਕਾਰ ਦੀ ਅਸੀਂ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕਰਦੇ ਹਾਂ। ਬਾਬਾ ਜੀ ਨੇ ਸਮੂਹ ਕਿਸਾਨਾਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਇਕ ਪਲੇਟਫਾਰਮ ਤੇ ਇਕੱਠੇ ਹੋ ਕੇ ਕਿਸਾਨਾਂ ਦਾ ਸਾਥ ਦਿਉ ਅਤੇ ਵੱਧ ਤੋਂ ਵੱਧ ਖਨੌਰੀ ਬਾਰਡਰ ਤੇ ਪਹੁੰਚੋ ਤਾਂ ਜ਼ੋ ਅੰਨੀ ਅਤੇ ਬੋਲੀ ਸਰਕਾਰ ਨੂੰ ਜਗਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੈਰ ਸਿੱਖ ਜਥੇਬੰਦੀਆਂ ਵੀ ਨਿਰਾਦਰੀ ਲਈ ਜ਼ੁੰਮੇਵਾਰ ਦੋਸ਼ੀਆਂ ਵਿਰੁੱਧ ਡਟੀਆਂ

# ਪੁਲਿਸ ਪ੍ਰਸ਼ਾਸਨ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝੇ—ਫੈਡਰੇਸ਼ਨ ਮਹਿਤਾ




**ਫ਼ਿਰੋਜ਼ਪੁਰ, 16 ਦਸੰਬਰ (ਮਨੋਹਰ ਲਾਲ) :—** ਫ਼ਿਰੋਜ਼ਪੁਰ ਦੇ ਥਾਣਾ ਸਦਰ ਅਧੀਨ ਆਉਂਦੇ ਪਿੰਡ ਅੱਛੇ ਵਾਲਾ ਦੇ ਇਕ ਪਰਿਵਾਰ ਵੱਲੋਂ ਇਸਾਈ ਧਰਮ ਦੇ ਇਕ ਪਾਦਰੀ ਦੇ ਕਹਿਣ ਤੇ ਸਿੱਖ ਅਤੇ ਹਿੰਦੂ ਧਰਮ ਨਾਲ ਸਬੰਧਤ ਗੁਰਬਾਣੀ ਦੇ ਗੁਟਕਾ ਸਾਹਿਬ, ਕਕਾਰਾਂ ਅਤੇ ਹੋਰ ਧਾਰਮਿਕ ਪੁਸਤਕਾਂ ਸਮੇਤ ਕੀਤੀ ਘੋਰ ਨਿਰਾਦਰੀ ਲਈ ਜ਼ੁੰਮੇਵਾਰ ਲੋਕਾਂ ਵਿਰੁੱਧ ਕਾਰਵਾਈ ਕਰਵਾਉਣ ਲਈ ਜਦੋ ਜਹਿਦ ਕਰ ਰਹੀਆਂ ਸਿੱਖ ਜਥੇਬੰਦੀਆਂ ਦੇ ਨਾਲ ਹੁਣ ਹੋਰ ਵੀ ਕਈ ਹਿੰਦੂ ਧਰਮ ਅਤੇ ਕਿਸਾਨ ਜਥੇਬੰਦੀਆਂ ਵੀ ਮੁੱਖ ਦੋਸ਼ੀਆਂ ਵਿਰੁੱਧ ਕਾਰਵਾਈ ਕਰਵਾਉਣ ਲਈ ਮੈਦਾਨ ਵਿਚ ਨਿੱਤਰ ਆਈਆਂ ਹਨ, ਜ਼ੋ ਵਾਰ—ਵਾਰ ਮੰਗ ਕਰ ਰਹੇ ਹਨ ਕਿ ਇਸ ਘੋਰ ਨਿਰਾਦਰੀ ਦਾ ਮੁੱਖ ਦੋਸ਼ੀ ਇਸਾਈ ਧਰਮ ਦਾ ਪਾਦਰੀ ਪ੍ਰਦੀਪ ਵਾਸੀ ਕੈਨਾਲ ਕਲੋਨੀ ਹੈ, ਜਿਸ ਖਿਲਾਫ ਪੱਕੇ ਸਬੂਤ ਹਨ, ਪਰ ਪੁਲਿਸ ਉਸ ਨੂੰ ਕਿਉਂ ਨਹੀਂ ਗ੍ਰਿਫਤਾਰ ਕਰ ਰਹੀ ? ਅੱਜ ਹਿੰਦੂ ਸਿੱਖ ਜਥੇਬੰਦੀਆਂ ਦੇ ਇਕ ਵਫਦ ਨੇ ਦੁਬਾਰਾ ਇਕ ਲਿਖਤੀ ਸ਼ਿਕਾਇਤ ਐਸ.ਐਸ.ਪੀ ਫ਼ਿਰੋਜ਼ਪੁਰ ਨੂੰ ਦਿੱਤੀ ਅਤੇ ਇਕ ਵਿਅਕਤੀ ਦੀ ਗ੍ਰਿਫਤਾਰੀ ਤੋਂ ਬਾਅਦ ਹੋਰ ਜ਼ੁੰਮੇਵਾਰ ਲੋਕਾਂ ਦੀ ਗ੍ਰਿਫਤਾਰੀ ਦੀ ਮੰਗ ਕੀਤੀ ਹੈ। ਇਸ ਸਬੰਧੀ ਐਸ.ਐਸਪੀ ਦਫਤਰ ਵਿਖੇ ਗੱਲਬਾਤ ਕਰਦਿਆਂ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਸਤਿਕਾਰ ਕਮੇਟੀ ਦੇ ਭਾਈ ਲਖਵੀਰ ਸਿੰਘ ਮਹਾਲਮ ਅਤੇ ਹਿੰਦੂ ਧਰਮ ਦੇ ਆਗੂ ਅਸ਼ਵਨੀ ਗਰੋਵਰ ਅਤੇ ਰਮੇਸ਼ ਕੁਮਾਰ ਨਿੰਦੀ ਨੇ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਬਾਕੀ ਦੋਸ਼ੀਆਂ ਨੂੰ ਵੀ ਜਲਦ ਪਕੜ ਕੇ ਸਲਾਖਾਂ ਪਿਛੇ ਕੀਤਾ ਜਾਵੇ, ਨਹੀਂ ਤਾਂ ਸਮੁੱਚੀਆਂ ਸਿੱਖ, ਹਿੰਦੂ ਅਤੇ ਕਿਸਾਨ ਜਥੇਬੰਦੀਆਂ ਰਲ ਕੇ ਇਕ ਵੱਡਾ ਸੰਘਰਸ਼ ਕਰਨ ਲਈ ਮਜ਼ਬੂਰ ਹੋਣਗੀਆਂ, ਜਿਸ ਨਾਲ ਸਮੁੱਚੇ ਪੰਜਾਬ ਵਿਚ ਸ਼ਾਂਤੀ ਭੰਗ ਹੋ ਸਕਦੀ ਹੈ। ਜਿਸ ਦੀ ਸਾਰੀ ਜਿੰਮੇਵਾਰੀ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਜਰਨੈਲ ਸਿੰਘ ਗਾਬੜੀਆ, ਕੁਲਦੀਪ ਸਿੰਘ ਨੰਢਾ, ਗੁਰਦਰਸ਼ਨ ਸਿੰਘ ਬੱਬੀ, ਲਕਸ਼ਪ੍ਰੀਤ ਸਿੰਘ, ਰਣਜੀਤ ਸਿੰਘ ਲਾਲੀ, ਗੁਰਵਰਪ੍ਰੀਤ ਸਿੰਘ ਆਦਿ ਆਗੂ ਹਾਜ਼ਰ ਸਨ।

# ਪੈਨਸ਼ਨਰਾਂ ਨੇ ਮਨਾਇਆ ਪੈਨਸ਼ਨਰਜ਼ ਦਿਵਸ



**ਫ਼ਿਰੋਜ਼ਪੁਰ, 16 ਦਸੰਬਰ (ਮਨੋਹਰ ਲਾਲ) :—** ਰਿਟਾਇਰਡ ਟੀਚਰਜ਼ ਅਤੇ ਹੋਰ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਚੁੰਗੀ ਖਾਨਾ ਰੋਡ ਵਿਖੇ ਮਨਾਇਆ ਪੈਨਸ਼ਨਰਜ ਦਿਵਸ। ਇਹ ਸਮਾਰੋਹ ਕਿਸ਼ਨ ਕੁਮਾਰ ਜੈਦਕਾ ਸਟੇਟ ਪ੍ਰਧਾਨ, ਸਰਪ੍ਰਸਤ ਸੁਰਿੰਦਰ ਸ਼ਰਮਾ, ਰਮੇਸ਼ ਚੰਦਰ ਗੋਇਲ, ਬਨਾਰਸੀ ਦਾਸ ਸਚਦੇਵਾ, ਪ੍ਰਧਾਨ ਨਛੱਤਰ ਸਿੰਘ, ਮੀਤ ਪ੍ਰਧਾਨ ਪ੍ਰੇਮ ਨਾਥ ਸੇਠੀ, ਰਮੇਸ਼ ਕੁਮਾਰ ਗਰੋਵਰ ਸਕੱਤਰ, ਮੀਤ ਪ੍ਰਧਾਨ ਰਾਜਪਾਲ ਸਿੰਘ, ਬ੍ਰਿਜ ਭੂਸ਼ਣ, ਬਲਵਿੰਦਰ ਸ਼ਰਮਾ, ਦੀਵਾਨ ਚੰਦ ਸੁਖੀਜਾ, ਉਪ ਪ੍ਰਧਾਨ ਉਮ ਪ੍ਰਕਾਸ਼ ਗਰੋਵਰ, ਰਾਜਿੰਦਰ ਕੁਮਾਰ ਗੁਪਤਾ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਡਾ: ਸੱਭਿਆ ਗਾਬਾ ਐਮ.ਡੀ ਮੈਡੀਸਨ, ਅਨਿਲ ਬਾਗੀ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਮੁੱਖ ਭੂਮਿਕਾ ਨਿਭਾਈ ਗਈ।

ਇਥੇ ਦਸਣਯੋਗ ਹੋਵੇਗਾ ਕਿ ਜਥੇਬੰਦੀ ਵੱਲੋਂ ਉਨ੍ਹਾਂ ਸਾਥੀਆਂ ਨੂੰ ਵਿਸ਼ੇਸ਼ ਤਰੀਕੇ ਨਾਲ ਸਨਮਾਨਿਤ ਕੀਤਾ, ਜਿਨ੍ਹਾਂ ਨੇ 80 ਦੀ ਉਮਰ ਦਾ ਮਾਣ ਪ੍ਰਾਪਤ ਕਰ ਲਿਆ ਹੈ ਅਤੇ ਇਨ੍ਹਾਂ ਸਾਥੀਆਂ ਨੂੰ ਬੜੇ ਪਿਆਰ ਤੇ ਸਨਮਾਨ ਸਹਿਤ ਇਕ ਸ਼ਾਲ ਤੇ ਮੋਮੈਂਟੋ ਦੇ ਕੇ ਨਿਵਾਜਿਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰਮੇਸ਼ ਕੁਮਾਰ ਜਨਰਲ ਸਕੱਤਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨਰਜ਼ ਅਤੇ ਹੋਰ ਮੁਲਾਜ਼ਮਾਂ ਦੀਆਂ ਸਾਂਝੀਆਂ ਮੰਗਾਂ ਜਿਵੇਂ 01.01.2016 ਤੋਂ 30.06.2021 ਤੱਕ ਪੈਨਸ਼ਨ ਦਾ ਬਕਾਇਆ, 242 ਮਹੀਨੇ ਦਾ ਡੀ.ਏ, ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਫੈਸਲੇ ਮੁਤਾਬਿਕ 119 ਪ੍ਰਤੀਸ਼ਤ ਡੀ.ਏ ਨਾਲ ਫਿਕਸ ਕਰਕੇ ਪੁਰਾਣੀ ਪੈਨਸ਼ਨ ਬਹਾਲ ਕਰਕੇ, ਕੱਚੇ, ਠੇਕਾ ਆਧਾਰਿਤ ਕਰਮਚਾਰੀਆਂ ਦੀਆਂ ਸੇਵਾਵਾਂ ਰੈਗੂਲਰ ਕਰਨ, ਮੁਫਤ ਹੈਲਥ ਬੀਮਾ ਸਕੀਮ ਲਾਗੂ ਕਰਨ ਅਤੇ ਹੋਰ ਲਟਕਦੀਆਂ ਮੰਗਾਂ ਲਾਗੂ ਕੀਤੀਆਂ ਜਾਣ। ਅੰਤ ਵਿਚ ਸਾਰੇ ਸੀਨੀਅਰ ਸਾਥੀਆਂ ਨੇ ਆਪਣੀ ਜਿੰਦਗੀ ਦੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਸਾਥੀ ਅਵਤਾਰ ਸਿੰਘ, ਅਜਮੇਰ ਸਿੰਘ ਅਤੇ ਅੰਬ ਸਿੰਘ ਨੇ ਵੀ ਵਿਚਾਰ ਸਾਂਝੇ ਕਰਦਿਆਂ ਸਮੂਹ ਜੁਝਾਰੂ ਸਾਥੀਆਂ ਨੂੰ ਸਰਕਾਰਾਂ ਨਾਲ ਤਕੜੇ ਹੋ ਕੇ ਲੋਹਾ ਲੈਣ ਦਾ ਪ੍ਰਣ ਵੀ ਲਿਆ ਤਾਂ ਕਿ ਬਾਕੀ ਰਹਿੰਦੀਆਂ ਮੰਗਾਂ ਨੂੰ ਮਨਵਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਜਿਹੜੇ ਕਿ 21 ਦਿਨਾਂ ਤੋਂ ਭੁੱਖ ਹੜਤਾਲ ਦੇ ਬੈਠੇ ਹਨ, ਦੀ ਸਿਹਤ ਦਿਨੋਂ-ਦਿਨ ਵਿਗੜ ਰਹੀ ਹੈ, ਸਰਕਾਰ ਉਚੇਚੇ ਤੌਰ ਤੇ ਜਲਦੀ ਤੋਂ ਜਲਦੀ ਕਿਸਾਨਾਂ ਦਾ ਮਸਲਾ ਹੱਲ ਕਰੇ : ਸੰਤ ਬਾਬਾ ਸੁੱਚਾ ਸਿੰਘ ਜੀ ਛਾਂਗੇ ਵਾਲੇ



ਫ਼ਿਰੋਜ਼ਪੁਰ, 16 ਦਸੰਬਰ (ਮਨੋਹਰ ਲਾਲ) :— ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਜਿਹੜੇ ਕਿ 21 ਦਿਨਾਂ ਤੋਂ ਭੁੱਖ ਹੜਤਾਲ ਤੇ ਬੈਠੇ ਹਨ, ਉਨ੍ਹਾਂ ਦੀ ਸਿਹਤ ਦਿਨੋਂ—ਦਿਨ ਵਿਗੜ ਰਹੀ ਹੈ, ਪਰ ਸਰਕਾਰ ਦੇ ਕੰਨਾਂ ਤੇ ਕੋਈ ਜੂ ਨਹੀਂ ਸਰਕ ਰਹੀ, ਸਰਕਾਰ ਉਚੇਚੇ ਤੌਰ ਤੇ ਜਲਦੀ ਤੋਂ ਜਲਦੀ ਕਿਸਾਨਾਂ ਦੇ ਮਸਲੇ ਹੱਲ ਕਰੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛੇ ਵੀ ਮੋਦੀ ਸਰਕਾਰ ਨੇ ਇਕ ਸਾਲ ਬਾਅਦ ਜ਼ੋ ਕਿ ਲਗਾਤਾਰ ਕਿਸਾਨਾਂ ਨੇ ਪੱਕਾ ਮੋਰਚਾ ਲਾ ਲਿਆ ਸੀ, ਮੰਗਾਂ ਮੰਨ ਲਈਆਂ ਸੀ, ਪਰ ਉਨ੍ਹਾਂ ਨੂੰ ਲਾਗੂ ਨਹੀਂ ਕੀਤਾ, ਜਿਸ ਤੋਂ ਬਾਅਦ ਕਿਸਾਨ ਖਫਾ ਹੋਏ ਮੁੜ ਖਨੌਰੀ ਬਾਰਡਰ ਤੇ ਬੈਠ ਗਏ ਅਤੇ 101 ਸਰਜੀਵੜੇ ਕਿਸਾਨਾਂ ਦਾ ਜਥਾ ਦਿੱਲੀ ਵੱਲ ਭੇਜਿਆ ਜਿਸ ਤੇ ਸਰਕਾਰ ਅਤੇ ਹਰਿਆਣੇ ਦੀ ਪੁਲਿਸ ਵੱਲੋਂ ਅੱਥਰੂ ਗੈਸ ਦੇ ਗੋਲੇ ਦਾਗੇ, ਗੰਦੇ ਪਾਣੀ ਦੀਆਂ ਬੋਸਾਰਾਂ ਮਾਰੀਆਂ, ਜਿਸ ਨਾਲ 16 ਦੇ ਕਰੀਬ ਕਿਸਾਨ ਗੰਭੀਰ ਰੂਪ ਵਿਚ ਜਖਮੀ ਹੋ ਗਏ, ਜਿਨ੍ਹਾਂ ਨੂੰ ਹਸਪਤਾਲ ਵਿਚ ਦਾਖਲ ਕਰਵਾਇਆ ਹੈ। ਇਸ ਦੀ ਸਰਕਾਰ ਨੂੰ ਪੁਰਜ਼ੋਰ ਸ਼ਬਦਾਂ ਵਿਚ ਨਿੰਦਿਆ ਕਰਦੇ ਹਾਂ। ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਰਕਾਰ ਨੂੰ ਕਿਹਾ ਕਿ ਉਹ ਜਲਦੀ ਤੋਂ ਜਲਦੀ ਕਿਸਾਨਾਂ ਦੀਆਂ ਮੰਗਾਂ ਮੰਨਣ, ਜੇਕਰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਕੁਝ ਹੋ ਗਿਆ ਤਾਂ ਕਿਸਾਨ ਤੁਹਾਨੂੰ ਕਦੇ ਮੁਆਫ ਨਹੀਂ ਕਰਨਗੇ, ਕਿਉਂਕਿ ਕਿਸਾਨ ਅੰਨਦਾਤਾ ਹੈ, ਸਾਰੇ ਦੇਸ਼ ਦਾ ਢਿੱਡ ਭਰਦਾ ਹੈ। ਬਾਬਾ ਜੀ ਨੇ ਸਮੂਹ ਕਿਸਾਨ ਜਥੇਬੰਦੀਆਂ, ਕਿਸਾਨਾਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਕਿਸਾਨਾਂ ਦਾ ਸਾਥ ਦਿਓ ਅਤੇ ਖਨੌਰੀ ਬਾਰਡਰ ਤੇ ਭਾਰੀ ਗਿਣਤੀ ਵਿਚ ਪਹੁੰਚੋ।

## ਉੱਘੇ ਸਮਾਜ ਸੇਵਕ ਪੀ.ਸੀ ਕੁਮਾਰ ਦੀ ਧਰਮਪਤਨੀ ਦੀ ਅੰਤਿਮ ਅਰਦਾਸ ਤੇ ਵੱਖ—ਵੱਖ ਜਥੇਬੰਦੀਆਂ ਦੇ ਆਗੂਆਂ ਨੇ ਭੇਂਟ ਕੀਤੀਆਂ ਸ਼ਰਧਾਂਜਲੀਆਂ



**ਫ਼ਿਰੋਜ਼ਪੁਰ, 16 ਦਸੰਬਰ (ਮਨੋਹਰ ਲਾਲ) :—** ਉੱਘੇ ਸਮਾਜ ਸੇਵਕ ਪੀ.ਸੀ ਕੁਮਾਰ ਦੀ ਧਰਮਪਤਨੀ ਦਾ ਦਿਹਾਂਤ 3 ਦਸੰਬਰ ਨੂੰ ਹੋ ਗਿਆ ਸੀ, ਅੱਜ ਅੰਤਿਮ ਅਰਦਾਸ ਤੇ ਪਾਠ ਦੇ ਭੋਗ ਤੇ ਵੱਖ—ਵੱਖ ਆਗੂਆਂ, ਧਾਰਮਿਕ ਜਥੇਬੰਦੀਆਂ ਦੇ ਆਗੂਆਂ, ਸਰਕਾਰੀ ਕਰਮਚਾਰੀਆਂ, ਸਕੂਲਾਂ ਦੇ ਪ੍ਰਿੰਸੀਪਲ, ਬੱਚੇ ਅਤੇ ਬੱਚਿਆਂ ਦੇ ਮਾਪਿਆਂ ਨੇ ਨਿੱਘੀ ਸ਼ਰਧਾਂਜਲੀ ਦਿੱਤੀ ਅਤੇ ਕਿਹਾ ਕਿ ਦਰਸ਼ਨਾ ਦੇਵੀ ਰਿਟਾਇਰਡ ਹੈਡ ਟੀਚਰ ਜਿਹੜੇ ਕਿ ਪੁੰਨਦਾਨ ਵਿਚ ਬਹੁਤ ਜਿਆਦਾ ਵਿਸਵਾਸ਼ ਰੱਖਦੇ ਸੀ ਅਤੇ ਹਮੇਸ਼ਾ ਆਪਣੀ ਹੱਥੀਂ ਲੰਗਰ ਪਕਾ ਕੇ ਮੰਦਿਰਾਂ ਅਤੇ ਹੋਰਥਾਵਾਂ ਤੇ ਭੁੱਖੇ ਬੈਠੇ ਲੋਕਾਂ ਨੂੰ ਖੁਆਉਂਦੇ ਸਨ ਅਤੇ ਹਰ ਰੋਜ਼ ਗਊਆਂ ਨੂੰ ਹਰਾ ਚਾਰਾ, ਪੰਛੀਆਂ ਨੂੰ ਚੋਗਾ, ਕੀੜਿਆਂ ਨੂੰ ਦਾਣੇ ਅਤੇ ਕੁਤਿਆਂ ਨੂੰ ਦੁੱਧ ਪਾਉਂਦੇ ਸੀ। ਇਸ ਮੌਕੇ ਤੇ ਸਮੂਹ ਆਗੂਆਂ ਨੇ ਪੀ.ਸੀ ਕੁਮਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪ੍ਰਮਾਤਮਾ, ਭਗਵਾਨ, ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਉਹ ਬੀਬੀ ਦਰਸ਼ਨਾ ਦੇਵੀ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਰਿਸ਼ਤੇਦਾਰ, ਮਿੱਤਰਾਂ, ਸਾਕ ਸਬੰਧੀਆਂ ਅਤੇ ਤਿੰਨਾਂ ਬੇਟੀਆਂ, ਜਵਾਈ, ਦੋਹਤੇ—ਦੋਹਤੀਆਂ ਅਤੇ ਪੀ.ਸੀ ਕੁਮਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਉਨ੍ਹਾਂ ਦੀ ਯਾਦ ਵਿਚ ਸੜਕਾਂ ਤੇ ਲੰਗਰ ਵੀ ਲਾਇਆ ਗਿਆ।

## ਸੈਂਟਰ ਸਰਕਾਰ ਕਿਸਾਨਾਂ ਨਾਲ ਗੱਲਬਾਤ ਕਰਕੇ ਤੁਰੰਤ ਮਸਲਾ ਹੱਲ ਕਰੇ : ਭੁੱਲਰ



ਫ਼ਿਰੋਜ਼ਪੁਰ, 16 ਦਸੰਬਰ (ਮਨੋਹਰ ਲਾਲ) :—ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲਾ ਫਿਰੋਜ਼ਪੁਰ ਦੇ ਪ੍ਰਧਾਨ ਗੁਰਚਰਨ ਸਿੰਘ ਭੁੱਲਰ ਜ਼ਿਲਾ ਪ੍ਰਧਾਨ ਫਿਰੋਜ਼ਪੁਰ ਨੇ ਕਿਹਾ ਕਿ ਸੈਂਟਰ ਸਰਕਾਰ ਵੱਲੋ ਪਿਛਲੇ ਲੰਮੇ ਸਮੇ ਤੋ ਕਿਸਾਨਾਂ ਦੀਆਂ ਮੰਨੀਆਂ ਮੰਗਾਂ ਦਾ ਨੋਟੀਫਿਕੇਸ਼ਨ ਜਾਰੀ ਨਹੀ ਕੀਤਾ ਜਿਸ ਕਾਰਨ ਦੁਬਾਰਾ ਬਾਰਡਰਾਂ ਤੇ ਕਿਸਾਨਾਂ ਨੂੰ ਬੈਠਣਾ ਪਿਆ ਅਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇ ਵਾਲਾ ਨੂੰ ਭੁੱਖ ਹੜਤਾਲ ਤੇ ਬੈਠਣਾ ਪਿਆ ਜਿਹਨਾਂ ਦੀ ਹਾਲਤ ਗੰਭੀਰ ਹੈ। ਮੋਦੀ ਅਤੇ ਅਮਿਤ ਸ਼ਾਹ ਦੀ ਜੋੜੀ ਨੇ ਜੋ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਭਾਰਤ ਦਾ ਸਾਰਾ ਕਾਰੋਬਾਰ ਕਰਨ ਅਤੇ ਕਿਸਾਨਾਂ ਦੀਆਂ ਜਮੀਨਾਂ ਜਾਇਦਾਦਾਂ ਨੂੰ ਹੜੱਪਣ ਵਾਲੀਆਂ ਨੀਤੀਆਂ ਅਤੇ ਦੁਕਾਨਦਾਰੀਆਂ ਨੂੰ ਖਤਮ ਕਰਕੇ ਵੱਡੇ ਮੋਲ ਬਣਾ ਕੇ ਖਤਮ ਕਰਨਾ ਚਾਹੁੰਦੀ ਹੈ ।ਜਦੋ ਸਾ➡ਆਂ ਜੰਥੇਬੰਦੀਆ ਸੜਕਾਂ ਤੇ ਆ ਗਈਆਂ ਤਾਂ ਸਰਕਾਰ ਨੂੰ ਸਾਰੇ ਭਾਰਤ ਦੇ ਲੋਕਾਂ ਅੱਗੇ ਝੁਕਨਾ ਪਵੇਗਾ। ਜੇਕਰ ਜਗਜੀਤ ਸਿੰਘ ਡੱਲੇਵਾਲ ਨੂੰ ਕੋਈ ਨੁਕਸਾਨ ਪੁੱਜਾ ਤਾਂ ਉਸ ਦੇ ਸਿੱਟੇ ਸਰਕਾਰ ਨੂੰ ਗੰਭੀਰ ਭੁਗਤਣੇ ਪੈਣਗੇ ।ਜੇਕਰ ਭਾਰਤ ਨੇ ਕਿਸਾਨਾਂ ਨੂੰ ਰੋਲਣ ਦੀ ਕੋਸ਼ਿਸ਼ ਕੀਤੀ ਤਾਂ ਭਾਰਤ ਨੂੰ ਪਹਿਲਾਂ ਵਾਂਗ ਦੂਸਰੇ ਦੇਸਾਂ ਤੇ ਨਿਰਭਰ ਹੋਣਾ ਪਵੇਗਾ। ਕਿਸਾਨਾਂ ਨਾਲ ਹੀ ਵਪਾਰੀਆਂ,ਦੁਕਾਨਦਾਰਾਂ,ਮਜਦੂਰਾਂ ਦੇ ਘਰ ਚੱਲਦੇ ਹਨ ਅਤੇ ਕਾਰੋਬਾਰ ਚਲਦੇ ਹਨ ।ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਹਰ ਵਕਤ ਕਿਸਾਨਾਂ ਦੇ ਨਾਲ ਹੈ ਕਿਉ ਕਿ ਅਸੀ ਸਾਰੇ ਕਿਸਾਨ ਹਾਂ ਅਤੇ ਸਾਡੇ ਸਾਰਿਆਂ ਵਾਸਤੇ ਕਿਸਾਨ ਲੜਾਈ ਲੜ ਰਹੇ ਹਨ। ਸੈਂਟਰ ਸਰਕਾਰ ਤੁਰੰਤ ਮੰਗਾਂ ਮੰਨ ਕੇ ਕਿਸਾਨਾਂ ਨੂੰ ਘਰੇ ਵਾਪਸ ਭੇਜੇ ਅਤੇ ਮਾਹੋਲ ਠੀਕ ਕਰੇ ਨਾ ਕਿ ਅੱਥਰੂ ਗੈਸ ਦੇ ਗੋਲੇ ਅਤੇ ਗੋਲੀਆਂ ਮਾਰਕੇ ਜਾ ਲਾਠੀਚਾਰਜ ਕਰਕੇ ਉਹਨਾਂ ਤੇ ਤਸ਼ੱਦਦ ਕਰੇ। ਇਸ ਸਮੇਂ ਹਾਜਰ ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ਪ੍ਰਧਾਨ, ਜਤਿੰਦਰ ਸਿੰਘ ਥਿੰਦ ਪੀ ਏ ਸੀ ਮੈਬਰ,ਸੂਰਤ ਸਿੰਘ ਮਮਦੋਟ ਦਵਿੰਦਰ ਸਿੰਘ ਚੂਰੀਆ ਸੀਨੀ ਮੀਤ ਪ੍ਰਧਾਨ, ਬੀਬੀ ਜਸਬੀਰ ਕੋਰ, ਲਖਵਿੰਦਰ ਸਿੰਘ ਸੁਪਰ ਹਲਕਾ ਇੰਚਾਰਜ ਜੀਰਾ, ਪਰਗਟ ਸਿੰਘ ਵਾਹਕੇ ਮੁੱਖ ਬੁਲਾਰਾ, ਜੋਗਿੰਦਰ ਸਿੰਘ ਜਰਨਲ ਸਕੱਤਰ, ਗੁਰਵਿੰਦਰ ਸਿੰਘ ਮੁਹਾਲਮ ਯੂਥ ਪ੍ਰਧਾਨ ਫਿਰੋਜ਼ਪੁਰ, ਸੁੱਚਾ ਸਿੰਘ ਬਸਤੀ ਭਾਨੇ ਵਾਲੀ, ਸੁੱਚਾ ਸਿੰਘ ਮਹਾਲਮ, ਸੁਖਦੇਵ ਸਿੰਘ ਵੇਹੜੀ, ਮੇਹਰ ਸਿੰਘ, ਮੋਹਨ ਸਿੰਘ ਨਿਆਜੀਆਂ, ਇਕਬਾਲ ਸਿੰਘ ਗੁਰੂਹਰਸਾਏ, ਬਲਕਾਰ ਸਿੰਘ ਜੋਗੇ ਵਾਲਾ, ਗੁਰਮੀਤ ਸਿੰਘ ਹਬੀਬ ਵਾਲਾ, ਬੋਹੜ ਸਿੰਘ ਗੱਟੀਆਂ ਆਦਿ ਨੇ ਸਰਕਾਰ ਨੂੰ ਕਿਸਾਨਾਂ ਦੇ ਮਸਲੇ ਤੁਰੰਤ ਹੱਲ ਕਰਨ ਲਈ ਕਿਹਾ।





### ਦਲ ਖਾਲਸਾ ਵਲੋਂ 18 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸੱਦੀ ਪੰਥਕ ਇਕੱਤਰਤਾ ਵਿਚ

# ਸਮੂਹ ਪੰਥਕ ਜਥੇਬੰਦੀਆਂ ਵਧ-ਚੜ੍ਹ ਕੇ ਸ਼ਾਮਲ ਹੋਣ : ਜਲਾਵਤਨੀ ਸਿੱਖ ਆਗੂ



ਕੁਲਵੰਤ ਸਿੰਘ ਮੁਠੱਡਾ ਯੂ ਕੇ | ਬਲਵਿੰਦਰ ਸਿੰਘ ਡੱਲੇਵਾਲ ਯੂ ਕੇ | ਗੁਰਵਿੰਦਰ ਸਿੰਘ ਨਡਾਲੋਂ ਜਰਮਨੀ | ਗੁਰਮੇਲ ਸਿੰਘ ਢੇਸੀ ਯੂ ਐਸ ਏ | ਗੁਰਦਿਆਲ ਸਿੰਘ ਢਕਾਣਸੂ ਬੈਲਜੀਅਮ

**ਲੰਡਨ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦਲ ਖਾਲਸਾ ਵੱਲੋ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੇ ਭਾਈ ਨਰੈਣ ਸਿੰਘ ਚੌੜਾ ਦੇ ਖਿਲਾਫ ਪੰਥ ਵਿੱਚੋਂ ਛੇਕਣ ਦੇ ਮਤੇ ਖਿਲਾਫ 18 ਦਸਬੰਰ ਨੂੰ ਸੱਦੇ ਪੰਥਕ ਇੱਕਠ ਵਿੱਚ ਸਮੂੰਹ ਪੰਥਕ ਜਥੇਬੰਦੀਆਂ ਪੰਥ ਦਰਦੀ ਤੇ ਮਨੁੱਖੀ ਅਧਿਕਾਰ ਸੰਸਥਾਵਾਂ ਵੱਧ ਚੜ ਕੇ ਹਾਜ਼ਰੀਆਂ ਭਰਨ ਇਸ ਸੰਬੰਧੀ ਮੀਡੀਆ ਨੂੰ ਬਿਆਨ ਜਾਰੀ ਕਰਦਿਆਂ ਇੰਗਲੈਂਡ ਵਿੱਚ ਪਿਛਲੇ ਦੋ ਦਹਾਕਿਆਂ ਤੋਂ ਵੀ ਵੱਧ ਸਮੇਂ ਤੋਂ ਜਲਾਵਤਨੀ ਭੋਗਦਿਆਂ ਸਿੱਖ ਫੈਡਰੇਸ਼ਨ ਯੂ ਕੇ ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ, ਪੰਥਕ ਆਗੂ ਭਾਈ ਬਲਵਿੰਦਰ ਸਿੰਘ ਡੱਲੇਵਾਲ, ਜਰਮਨੀ ਤੋਂ ਭਾਈ ਗੁਰਵਿੰਦਰ ਸਿੰਘ ਨਡਾਲੋਂ,ਬੈਲਜੀਅਮ ਤੋਂ ਭਾਈ ਗੁਰਦਿਆਲ ਸਿੰਘ ਢਕਾਣਸੂ ਅਤੇ ਯੂ ਐਸ ਏ ਤੋਂ ਗੁਰਮੇਲ ਸਿੰਘ ਢੇਸੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੁਝਾਰੂ ਆਗੂ ਅਤੇ ਸਿੱਖ ਜਰਨੈਲ ਭਾਈ ਨਰਾਇਣ ਸਿੰਘ ਚੌੜਾ ਨੂੰ ਪੰਥ ਵਿੱਚੋਂ ਛੇਕਣ ਦੀ ਮੰਗ ਕਰਨਾ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਦੀ ਗੈਰ-ਸਿਧਾਂਤਕ ਅਤੇ ਦਿਸ਼ਾਹੀਣ ਲੀਡਰਸ਼ਿਪ ਵੱਲੋਂ ਰਾਜਨੀਤੀ ਤੋਂ ਪ੍ਰੇਰਿਤ ਕਦਮ ਹੈ ਅਤੇ ਸਿੱਖ ਕਦਰਾਂ-ਕੀਮਤਾਂ ਦਾ ਘਾਣ ਹੈ। ਸ਼੍ਰੋਮਣੀ ਕਮੇਟੀ ਦੀਆਂ ਕਾਰਵਾਈਆਂ ਸਿੱਖ ਵਿਰੋਧੀ, ਫੁੱਟ ਪਾਊ ਅਤੇ ਪੰਥਕ ਹਿੱਤਾਂ ਲਈ ਨੁਕਸਾਨਦੇਹ ਹਨ ਸ਼੍ਰੋਮਣੀ ਕਮੇਟੀ ਕੇਵਲ ਬਾਦਲਕਿਆਂ ਦਾ ਹੱਥ ਠੋਕਾ ਬਣ ਕੇ ਕੰਮ ਕਰ ਰਹੀ ਹੈ। ।ਸ਼੍ਰੋਮਣੀ ਕਮੇਟੀ ਨੂੰ ਅਕਾਲੀ ਦਲ ਬਾਦਲ ਵੱਲੋਂ ਆਪਣੇ ਨਿੱਜੀ ਅਤੇ ਸਿਆਸੀ ਹਿੱਤਾਂ ਦੀ ਪੂਰਤੀ ਲਈ ਵਰਤਿਆ ਜਾ ਰਿਹਾ ਹੈ । ਭਾਈ ਮੁਠੱਡਾ ਅਤੇ ਭਾਈ ਡੱਲੇਵਾਲ ਨੇ ਕਿਹਾ ਕੇ ਜੇਕਰ ਅਕਾਲ ਤਖਤ ਸਾਹਿਬ ਵੱਲੋਂ ਭਾਈ ਨਰਾਇਣ ਸਿੰਘ ਚੌੜਾ ਨੂੰ ਪੰਥ ਵਿੱਚੋਂ ਛੇਕਣ ਦਾ ਯਤਨ ਕੀਤਾ ਗਿਆ ਤਾਂ ਸਿੱਖ ਕੌਮ ਅੰਦਰ ਹੋਰ ਖਾਨਾਜੰਗੀ ਵਧੇਗੀ ਭਾਈ ਚੌੜਾ ਵਲੋਂ ਚੁੱਕਿਆ ਕਦਮ ਬਿਲਕੁਲ ਸਹੀ ਹੈ ਇਹ ਇਕ ਸੁਨੇਹਾ ਦਿੱਤਾ ਗਿਆ ਹੈ ਕਿ ਸੁਖਵੀਰ ਬਾਦਲ ਅਤੇ ਇਹਦੀ ਜੁੰਡਲੀ ਨੇ ਜਿੰਨੇ ਘੋਰ ਪਾਪ ਕੀਤੇ ਹਨ ਉਸ ਮੁਤਾਬਕ ਦਿੱਤੀ ਗਈ ਸਜਾ ਬਿਲਕੁਲ ਮਾਮੂਲੀ ਹੈ ਜਿਸ ਨਾਲ ਸਿੱਖ ਕੌਮ ਬਿਲਕੁਲ ਵੀ ਸਹਿਮਤ ਨਹੀਂ ਹੈ ਸੋ ਅਸੀਂ ਦੇਸ਼ਾਂ ਵਿਦੇਸ਼ਾਂ ਦੇ ਸਮੂਹ ਖਾਲਿਸਤਾਨੀ ਆਗੂ ਭਾਈ ਨਰਾਇਣ ਸਿੰਘ ਚੌੜਾ ਦੀ ਪੂਰੀ ਸਪੋਰਟ ਕਰਦੇ ਹਨ ਉਪਰੋਕਤ ਸਮੂੰਹ ਖਾਲਿਸਤਾਨੀ ਆਗੂਆਂ ਨੇ ਕਿਹਾ ਸਿੱਖ ਪੰਥ ਨਾਲ ਦਰਦ ਰੱਖਣ ਵਾਲੇ ਸਾਬਕਾ ਜਥੇਦਾਰਾਂ, ਸਿੱਖ ਵਿਦਵਾਨਾਂ ਨੂੰ 18 ਦਸੰਬਰ ਨੂੰ ਹੋਣ ਵਾਲੇ ਇਕੱਠ ਵਿੱਚ ਸ਼ਾਮਲ ਹੋ ਕੇ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਅਤੇ ਸਿੱਖ ਕੌਮ ਦੀ ਪ੍ਰਭੂਸੱਤਾ ਦੀ ਰਾਖੀ ਲਈ ਇਕੱਠੇ ਹੋਣ ਦੀ ਬੇਨਤੀ ਕਰਦੇ ਹਾਂ। ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਬਾਦਲ ਦੀ ਦਿਸ਼ਾਹੀਣ ਲੀਡਰਸ਼ਿਪ ਵੱਲੋਂ ਭਾਈ ਨਰਾਇਣ ਸਿੰਘ ਚੌੜਾ ਉੱਤੇ ਕੀਤੇ ਜਾ ਰਹੇ ਹਮਲੇ ਸਿੱਖਾਂ ਅੰਦਰ ਅੰਦਰੂਨੀ ਟਕਰਾਅ ਨੂੰ ਵਧਾ ਸਕਦੇ ਹਨ । ਇਸ ਟਕਰਾਅ ਨੂੰ ਰੋਕਣ ਲਈ ਸਮੂਹ ਪੰਥਕ ਜਥੇਬੰਦੀਆਂ ਨੂੰ ਉਪਰਾਲੇ ਕਰਨੇ ਚਾਹੀਦੇ ਹਨ ਅਤੇ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਦੀ ਲੀਡਰਸ਼ਿਪ ਨੂੰ ਸਪੱਸ਼ਟ ਸੁਨੇਹਾ ਦਿੱਤਾ ਜਾਣਾ ਚਾਹੀਦਾ ਹੈ ਕਿ ਸਿੱਖ ਪੰਥ ਆਪਣੀਆਂ ਪਵਿੱਤਰ ਸੰਸਥਾਵਾਂ ਨਾਲ ਸਿਆਸੀ ਛੇੜਛਾੜ ਨੂੰ ਬਰਦਾਸ਼ਤ ਨਹੀਂ ਕਰੇਗਾ।

# ਦਿੱਲੀ ਅੰਦੋਲਨ ਦੇ ਸੱਦੇ ਤੇ 18 ਦਸੰਬਰ ਨੂੰ ਕਿਸਾਨ ਮਜ਼ਦੂਰ ਜਥੇਬੰਦੀ ਵੱਲੋਂ ਜਿਲ੍ਹਾ ਅੰਮ੍ਰਿਤਸਰ ਵਿੱਚ 9 ਜਗ੍ਹਾ ਹੋਵੇਗਾ ਰੇਲ ਚੱਕਾ ਜਾਮ, ਅੰਦੋਲਨ ਬੁਲੰਦੀਆਂ ਵੱਲ ਅਗਰਸਰ

**ਚੰਡੀਗੜ੍ਹ, 16 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਫਰਵਰੀ 13 ਤੋਂ ਕਿਸਾਨ ਮਜ਼ਦੂਰ ਮੰਗਾਂ ਦੀ ਪੂਰਤੀ ਲਈ ਸ਼ੁਰੂ ਦਿੱਲੀ ਅੰਦੋਲਨ 2 ਸ਼ੰਭੂ, ਖਨੌਰੀ ਅਤੇ ਰਤਨਪੁਰਾ (ਰਾਜਿਸਥਾਨ) ਬਾਡਰਾਂ ਤੇ ਲਗਾਤਾਰ ਜਾਰੀ ਹੈ। ਅੰਦੋਲਨ ਨੂੰ ਤਿੱਖਾ ਕਰਦੇ ਹੋਏ ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਵੱਲੋਂ ਦਿੱਤੇ ਗਏ ਪ੍ਰੋਗਰਾਮ ਤਹਿ 18 ਦਸੰਬਰ ਨੂੰ ਪੰਜਾਬ ਵਿੱਚ ਰੇਲਾਂ ਚੱਕਾ ਜਾਮ ਕਰਨ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸੂਬਾ ਆਗੂ ਸਰਵਣ ਸਿੰਘ ਪੰਧੇਰ ਦੀ ਅਗਵਾਈ ਵਿੱਚ ਜਿਲ੍ਹਾ ਅੰਮ੍ਰਿਤਸਰ ਦੇ ਵੱਖ ਵੱਖ ਜੋਨਾਂ ਦੇ ਆਗੂਆਂ ਦੀ ਮੀਟਿੰਗ ਪਿੰਡ ਵੱਲਾ ਦੇ ਗੁਰਦੁਆਰਾ ਗੁਰੀਆਣਾ ਸਾਬ੍ਹ ਵਿੱਚ ਕੀਤੀ ਗਈ। ਇਸ ਮੌਕੇ ਉਹਨਾਂ ਪਤਰਕਾਰਾਂ ਨਾਲ ਗੱਲ ਕਰਦੇ ਕਿਹਾ ਕਿ ਜਿਸ ਤਰ੍ਹਾਂ ਪਿਛਲੇ 10 ਮਹੀਨਿਆਂ ਤੋਂ ਵੱਧ ਸਮੇਂ ਤੋਂ ਕੇਂਦਰ ਸਰਕਾਰ ਵੱਲੋਂ ਇਸ ਅੰਦੋਲਨ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ, ਜਗਜੀਤ ਸਿੰਘ ਡੱਲੇਵਾਲ ਜੀ ਦੇ ਮਰਨ ਵਰਤ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ ਅਤੇ 101 ਕਿਸਾਨਾਂ ਮਜ਼ਦੂਰਾਂ ਦੇ ਪੈਦਲ ਜਾਂ ਦਿੱਲੀ ਜਾ ਰਹੇ ਜਥਿਆਂ ਉੱਪਰ ਸ਼ੰਭੂ ਬਾਰਡਰ ਮੋਰਚੇ ਤੇ ਅਥਰੂ ਗੈਸ ਪੈਲਟ ਬੰਬ ਗੰਦੇ ਪਾਣੀ ਦੀਆਂ ਵਿਛਾੜਾਂ ਰਬੜ ਦੀਆਂ ਗੋਲੀਆਂ ਅਤੇ ਕੈਮੀਕਲ ਦੀਆਂ ਸਪਰੇਆਂ ਕਰਕੇ ਤਸ਼ੱਦਦ ਕੀਤਾ ਗਿਆ ਹੈ, ਇਸ ਤੇ ਆਮ ਜਨਤਾ ਵਿੱਚ ਭਾਰੀ ਰੋਹ ਹੈ ਜਿਸਦੇ ਚਲਦੇ ਦੋਨਾਂ ਫ਼ੋਰਮਾਂ ਵੱਲੋਂ 3 ਘੰਟੇ ਦੇ ਸੰਕੇਤਕ ਰੇਲ ਰੋਕੋ ਮੋਰਚੇ ਨੂੰ ਸਫਲ ਬਣਾਉਣ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜ਼ਾਇਜ਼ਾ ਲਿਆ ਗਿਆ ਹੈ ਅਤੇ ਆਗੂਆਂ ਨੂੰ ਪਿੰਡ ਪੱਧਰ ਤੇ ਜਾ ਕੇ 18 ਦਸੰਬਰ ਨੂੰ ਲੱਖਾਂ ਦੀ ਗਿਣਤੀ ਵਿੱਚ ਰੇਲ ਲਾਈਨਾਂ ਤੇ ਆਉਣ ਦਾ ਸੱਦਾ ਦੇਣ ਲਈ ਕਿਹਾ ਗਿਆ ਹੈ। ਉਹਨਾਂ ਕਿਹਾ ਕਿ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਦੀ ਮੋਦੀ ਸਰਕਾਰ ਨੂੰ ਚੇਤਾਵਨੀ ਹੈ ਕਿ ਉਸਦੇ ਮੰਤਰੀ ਸੰਤਰੀ ਲਗਾਤਾਰ ਘਟੀਆ ਬਿਆਨਬਾਜ਼ੀ ਕਰਕੇ ਦੇਸ਼ ਦਾ ਮਾਹੌਲ ਵਿਗਾੜਨ ਦੀ ਕੋਸ਼ਿਸ਼ ਕਰ ਰਹੇ ਹਨ, ਭਾਜਪਾ ਨੂੰ ਚਾਹੀਦਾ ਹੈ ਕਿ ਅਜਿਹੇ ਅਨਸਰਾਂ ਨੂੰ ਨੱਥ ਪਾਈ ਜਾਵੇ। ਉਹਨਾਂ ਕਿਹਾ ਕਿ 18 ਦੇ ਰੇਲ ਰੋਕੋ ਵਿੱਚ ਲੱਖਾਂ ਦੀ ਗਿਣਤੀ ਵਿਚ ਪਹੁੰਚੇ ਕਿਸਾਨ ਮਜ਼ਦੂਰ ਸਰਕਾਰ ਦੀ ਮੱਤ ਤੇ ਪਿਆ ਪਰਦਾ ਚੱਕ ਦੇਣਗੇ। ਉਹਨਾਂ ਕਿਹਾ ਕਿ ਜਿੰਨੀਂ ਦੇਰ ਫ਼ਸਲਾਂ ਦੀ ਖਰੀਦ ਦਾ ਐਮ. ਐਸ. ਪੀ. ਗਰੰਟੀ ਕਨੂੰਨ ਬਣਾ ਕੇ ਫਸਲਾਂ ਦੇ ਭਾਅ ਸੀ 2 + 50% ਨਾਲ ਤਹਿ ਨਹੀਂ ਕੀਤੇ ਜਾਂਦੇ, ਕਿਸਾਨ ਮਜ਼ਦੂਰ ਦੀ ਕਰਜ਼ਾ ਮੁਕਤੀ, ਕਿਸਾਨ ਅਤੇ ਖੇਤ ਮਜ਼ਦੂਰ ਲਈ ਪੈਨਸ਼ਨ, ਭੂਮੀ ਅਧਿਗ੍ਰਹਿਣ ਨਿਯਮ ਨੂੰ 2013 ਦੇ ਸਰੂਪ ਵਿੱਚ ਲਾਗੂ ਕਰਨ, 2021 ਕਿਸਾਨ ਅੰਦੋਲਨ ਦੀਆਂ ਮੰਨੀਆ ਮੰਗਾਂ ਲਾਗੂ ਕਰਨ, ਮਨਰੇਗਾ ਤਹਿਤ ਪ੍ਰਤੀ ਸਾਲ 200 ਦਿਨ ਰੁਜਗਾਰ ਅਤੇ ਦਿਹਾੜੀ 700 ਰੁਪਏ ਕਰਨ, ਆਦਿਵਾਸੀਆਂ ਦੇ ਹੱਕਾਂ ਦੇ ਕਾਰਪੋਰੇਟ ਘਰਾਣਿਆਂ ਹਵਾਲੇ ਬੰਦ ਕਰਕੇ ਸੰਵਿਧਾਨ ਦੀ 5ਵੀ ਸੂਚੀ ਲਾਗੂ ਕਰਨ ਸਮੇਤ ਸਾਰੀਆਂ ਮੰਗਾਂ ਦੇ ਠੋਸ ਹੱਲ ਨਹੀਂ ਕੀਤੇ ਜਾਂਦੇ ਓਦੋਂ ਤੱਕ ਸੰਘਰਸ਼ ਜਾਰੀ ਰਹੇਗਾ। ਉਹਨਾਂ ਕਿਹਾ ਕਿ ਅੱਜ ਪੰਜਾਬ ਤੋਂ ਬਾਹਰ ਵੱਖ ਵੱਖ ਸੂਬਿਆਂ ਵਿਚ ਟਰੈਕਟਰ ਮਾਰਚ ਕੀਤੇ ਗਏ ਹਨ, ਜਿਸ ਨੇ ਇੱਕ ਵਾਰ ਫਿਰ ਤੋਂ ਸਾਬਿਤ ਕੀਤਾ ਹੈ ਕਿ ਅੰਦੋਲਨ ਦਾ ਅਸਰ ਦੇਸ਼ ਪੱਧਰ ਤੇ ਹੈ ਅਤੇ ਸਾਰਾ ਦੇਸ਼ ਇਹਨਾਂ ਮੰਗਾਂ ਤੇ ਅੰਦੋਲਨ ਦੇ ਨਾਲ ਖੜਾ ਹੈ। ਉਹਨਾਂ ਜਾਣਕਾਰੀ ਦਿੱਤੀ ਕਿ ਜਿਲ੍ਹਾ ਅੰਮ੍ਰਿਤਸਰ ਵਿੱਚ 9 ਜਗ੍ਹਾ ਰੇਲ ਰੋਕੋ ਮੋਰਚਾ ਲਗਾਇਆ ਜਾਵੇਗਾ ਜਿਸ ਵਿਚ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਰੇਲ ਲਾਈਨ ਤੇ ਰਮਦਾਸ ਸਟੇਸ਼ਨ, ਪੰਧੇਰ ਕਲਾਂ ਫਾਟਕ, ਕੋਟਲਾ ਗੁੱਜਰਾਂ ਸਟੇਸ਼ਨ, ਜੰਮੂ ਕਸ਼ਮੀਰ ਰੇਲ ਲਾਈਨ ਤੇ ਜੈਂਤੀਪੁਰ ਸਟੇਸ਼ਨ, ਝੰਡੇ ਰੇਲ ਫਾਟਕ, ਕੱਥੂਨੰਗਲ ਸਟੇਸ਼ਨ, ਜਹਾਂਗੀਰ ਰੇਲ ਫਾਟਕ ਅਤੇ ਅੰਮ੍ਰਿਤਸਰ ਦਿੱਲੀ ਰੇਲ ਲਾਈਨ ਉੱਪਰ ਦੇਵਿਦਾਸਪੁਰਾ ਰੇਲ ਫਾਟਕ ਤੇ ਬਿਆਸ ਰੇਲਵੇ ਸਟੇਸ਼ਨ ਤੇ ਧਰਨੇ ਲਗਾਏ ਜਾਣਗੇ। ਇਸ ਮੌਕੇ ਜਿਲ੍ਹਾ ਆਗੂ ਬਲਦੇਵ ਸਿੰਘ ਬੱਗਾ, ਬਲਵਿੰਦਰ ਸਿੰਘ ਰੁਮਾਣਾਚੱਕ, ਜਰਮਨਜੀਤ ਸਿੰਘ ਬੰਡਾਲਾ, ਸੁਖਦੇਵ ਸਿੰਘ ਚਾਟੀਵਿੰਡ ਸਮੇਤ ਵੱਖ ਵੱਖ ਜੋਨਾ ਦੇ ਆਗੂ ਹਾਜ਼ਿਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਪ੍ਰਧਾਨ ਨਿਯੁਕਤ ਹੋਣ ’ਤੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦਾ ਸਿਰਪਾਉ ਭੇਂਟ ਕਰਕੇ ਸਨਮਾਨ ਕੀਤਾ ਅਤੇ ਵਧਾਈ ਦਿੱਤੀ








ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਪ੍ਰਧਾਨ ਨਿਯੁਕਤ ਹੋਣ ’ਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਉਨਾਂ ਦੇ ਮੁੱਖ ਅਸਥਾਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਪੁੱਜ ਕੇ ਪਿੰਡ ਸਿੰਘਪੁਰਾ,ਕੇਵਲ,ਤਖਤਮੱਲ, ਕਾਲਾਂਵਾਲੀ ਮੰਡੀ,ਜਲਾਲਆਣਾ,ਤਾਰੂਆਣਾ,ਦਾਦੂ ਸਾਹਿਬ,ਧਾਮੋਮਾਜਰਾ ਦੀਆਂ ਸਿੱਖ ਸੰਗਤਾਂ ਨੇ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਵਧਾਈ ਦਿੱਤੀ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੂਰਨਮਾਸ਼ੀ ਪੋਹ ਦੀ ਸੰਗਰਾਦ ਦੇ ਦਿਹਾੜੇ 'ਤੇ ਗੁਰਬਾਣੀ ਕਥਾ ਕੀਰਤਨ ਨੂੰ ਸਮਰਪਿਤ ਮਹੀਨਾਵਾਰ 'ਗੁਰਮਤਿ ਸਮਾਗਮ' ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਨੇ ਸੰਗਤਾਂ ਨਾਲ ਕੀਤੀਆਂ ਵਿਚਾਰਾਂ
















ਪੂਰਨਮਾਸ਼ੀ ਪੋਹ ਦੀ ਸ਼ੰਗਰਾਦ ਦੇ ਦਿਹਾੜੇ 'ਤੇ ਗੁਰਬਾਣੀ ਕਥਾ ਕੀਰਤਨ ਨੂੰ ਸਮਰਪਿਤ ਮਹੀਨਾਵਾਰ 'ਗੁਰਮਤਿ ਸਮਾਗਮ' ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਕੀਰਤਨ ਕਰਦੇ ਹੋਏ ਭਾਈ ਗੁਰਸੇਵਕ ਸਿੰਘ ਰੰਗੀਲਾ ਅਤੇ ਸੰਬੋਧਨ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ,ਹਾਜ਼ਰ ਸਿੱਖ ਸੰਗਤਾਂ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਵੱਲੋਂ

# ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸੰਗਰਾਂਦ ਪੋਹ ਦੇ ਮਹੀਨੇ ਦੀ ਕਥਾ ਵਿਆਖਿਆ











ਆਵਾਜ਼ਿ ਕੌਮ AWAZE QAUM International Newspaper & WEB TV



ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸੰਗਰਾਂਦ ਪੋਹ ਦੇ ਮਹੀਨੇ ਦੀ ਕਥਾ ਵਿਆਖਿਆ ਕਰਦੇ ਹੋਏ,ਨਾਮਧਾਰੀ ਸਿੱਖ ਸੰਪਰਦਾਇ ਦੇ ਮੁਖੀ ਬਾਬਾ ਉਦੇ ਸਿੰਘ ਜੀ ਨੇ ਸਾਥੀਆਂ ਸਮੇਤ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਧੰਨ ਧੰਨ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ ਅਤੇ ਲੰਗਰ ਹਾਲ ਰਸੋਈ ਅਜਾਇਬ ਘਰ ਦੇ ਦਰਸ਼ਨ ਕੀਤੇ,ਇਸ ਸਮੇਂ ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਚਮਕੌਰ ਸਾਹਿਬ ਦੇ ਸ਼ਹੀਦਾਂ, ਛੋਟੇ ਸਾਹਿਬਜਾਦਿਆ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ**

# 20ਵਾਂ ਗੁਰਮਤਿ ਸਮਾਗਮ ਕਰਵਾਇਆ





**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 16 ਦਸੰਬਰ (ਕੁਲਜੀਤ ਸਿੰਘ ਖੋਖਰ)**-ਨਜ਼ਦੀਕੀ ਪਿੰਡ ਕੋਟ ਟੋਡਰ ਮੱਲ ਵਿਖੇ ਚਮਕੌਰ ਸਾਹਿਬ ਦੇ ਸ਼ਹੀਦਾਂ, ਛੋਟੇ ਸਾਹਿਬਜਾਦਿਆ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ 20ਵਾਂ ਗੁਰਮਤਿ ਸਮਾਗਮ ਨਗਰ ਦੀ ਸਮੂਹ ਸੰਗਤ ਦੇ ਸਹਿਜੋਗ ਨਾਲ ਕਰਵਾਇਆ ਗਿਆ। ਜਿਸ ਵਿੱਚ ਸਿੱਖ ਕੌਮ ਦਾ ਮਹਾਨ ਕੀਰਤਨੀ ਜਥਾ ਭਾਈ ਪ੍ਰਭਜਿੰਦਰ ਸਿੰਘ ਰਿਆੜ (ਹਜੂਰੀ ਰਾਗੀ ਗੁਰਦੁਆਰਾ ਬਾਬਾ ਬਕਾਲਾ ਸਾਹਿਬ) ,ਪ੍ਰਿਸੱਧ ਕਵੀਸਰ ਭਾਈ ਸੁਲੱਖਣ ਸਿੰਘ ਰਿਆੜ ,ਭਾਈ ਭਗਤ ਸਿੰਘ ਭਿੱਟੇ ਵੱਡ ,ਅਤੇ ਪ੍ਰਿਸੱਧ ਢਾਡੀ ਭਾਈ ਬਲਬੀਰ ਸਿੰਘ ਪਾਰਸ ਆਦਿ ਜੱਥਿਆ ਨੇ ਰਸਭਿੰਨੇ ਕੀਰਤਨ ,ਢਾਡੀ ਵਾਰਾਂ, ਅਤੇ ਕਵੀਸ਼ਰੀ ਰਾਹੀਂ ਸੰਗਤ ਨੂੰ ਨਿਹਾਲ ਕੀਤਾ ।ਇਸ ਮੌਕੇ ਤੇ ਸਟੇਜ ਸੈਕਟਰੀ ਦੀ ਸੇਵਾ ਭਾਈ ਸਿਮਰਨਜੀਤ ਸਿੰਘ ਪਰਚਾਰਕ ਵਲੋ ਬਖੂਬੀ ਨਿਭਾਈ ਗਈ। ਅਤੇ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸੇਵਾਦਾਰ ਡਾ ਲਖਵਿੰਦਰ ਸਿੰਘ , ਕਵੀਸ਼ਰ ਮਨਜੀਤ ਸਿੰਘ, ਭਾਈ ਲਖਵਿੰਦਰ ਸਿੰਘ ਖਾਲਸਾ ,ਕਵੀਸਰ ਪਰਮਜੀਤ ਸਿੰਘ , ਸਤਿਨਾਮ ਸਿੰਘ , ਸੁਖਵਿੰਦਰ ਸਿੰਘ , ਜਸਬੀਰ ਸਿੰਘ ਕਾਹਲੋ ,ਜਸਬੀਰ ਸਿੰਘ ਸੈਣੀ ਆਦਿ ਨੇ ਸੇਵਾਦਾਰ ਵਜੋਂ ਸੇਵਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

**ਨਵ ਸਿਮਰਨ ਸ਼ਪੈਸ਼ਿਲਟੀ ਹਸਪਤਾਲ ਦੀ**

# ਭੋਗ ਉਪਰੰਤ ਖੂਨ ਦਾਨ ਕੈਂਪ ਦੌਰਾਨ ਕੀਤੀ ਸਥਾਪਨਾ



**ਚੌਕ ਮਹਿਤਾ, 16 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ ਦਿਨੀ ਨਵ ਸਿਮਰਨ ਸਪੈਸਲਿਸ਼ਟੀ ਹਸਪਤਾਲ ਦੀ ਸਥਾਪਨਾ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣ ਉਪਰੰਤ ਖੂਨਦਾਨ ਕੈਂਪ ਲਗਾ ਕੇ ਕੀਤੀ ਗਈ ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਇਲਾਹੀ ਬਾਣੀ ਦਾ ਜਾਪ, ਰਾਗੀ ਜਥਿਆਂ ਵੱਲੋਂ ਖੁੱਲ੍ਹੇ ਪੰਡਾਲ ਅੰਦਰ ਗੁਰਬਾਣੀ ਰਸ ਸ਼ਬਦ ਕੀਰਤਨ ਗ੍ਰਹਿਣ ਕਰਦਿਆਂ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਜਿਸਦੇ ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਆਈਆਂ ਹੋਈਆਂ ਸੰਗਤਾਂ ਵਿੱਚ ਵਰਤਾਈ ਗਈ ਅਤੇ ਗੁਰੂ ਕੇ ਅਟੁੱਟ ਲੰਗਰ ਚਲਾਏ ਗਏ। ਇਸ ਮੌਕੇ ਅਰਦਾਸ ਵਿਚ ਹਲਕਾ ਜੰਡਿਆਲਾ ਗੁਰੂ ਤੋ ਆਮ ਆਦਮੀ ਪਾਰਟੀ ਦੇ ਲੋਕ ਨਿਰਮਾਣ 'ਤੇ ਬਿਜਲੀ ਵਿਭਾਗ ਕੈਬਨਟ ਮੰਤਰੀ ਹਰਭਜਨ ਸਿੰਘ ਈ, ਟੀ ,ਓ ਸਮੇਤ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਪਿੰਡ ਮਾਨਾ ਵਾਲਾ ਕਲਾ ਦੇ ਸਰਪੰਚ ਸਤਨਾਮ ਸਿੰਘ ਲਾਲਾ ਨਸਮਸਤਕ ਹੋਣ ਲਈ ਉਚੇਚੇ ਤੌਰ 'ਤੇ ਸ਼ਾਮਿਲ ਹੋਏ ਇਸ ਦੇ ਨਾਲ਼ ਹੀ ਖੂਨ ਦਾਨ ਕੈਂਪ ਦਾ ਆਯੋਜਨ ਵੀ ਕੀਤਾ ਗਿਆ ਜਿਥੇ 40 ਤੋ ਵੱਧ ਨੌਜਵਾਨਾਂ ਨੇ ਖ਼ੂਨ ਦਾਨ ਦੇ ਕੇ ਆਪਣਾ ਯੋਗਦਾਨ ਪਾਇਆ ਜਿਸ ਵਿਚ ਮਾਨਾ ਵਾਲਾ ਕਲਾ ਦੀ ਪ੍ਰਮੁੱਖ ਸ਼ਖਸ਼ੀਅਤ ਜੈਕਰਨ ਸਿੰਘ ਮਾਨ ਵੀ ਸ਼ਾਮਿਲ ਸਨ ਜੈ ਕਰਨ ਸਿੰਘ ਮਾਨ ਨੇ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਨੂੰ ਤਿਆਗ ਕੇ ਵੱਧ ਤੋਂ ਵੱਧ ਖੂਨਦਾਨ ਦੇਣਾ ਚਾਹੀਦਾ ਹੈ ਜਿਸ ਨਾਲ ਕਿਸੇ ਵੀ ਮਰੀਜ ਦੀ ਕੀਮਤੀ ਨੂੰ ਬਚਾਇਆ ਜਾ ਸਕੇ। ਇਸ ਮੌਕੇ ਹਸਪਤਾਲ਼ ਦੇ ਮੁੱਖ ਡਾਕਟਰ ਨਵ ਸਿਮਰਨ ਕੌਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਉਹਨਾਂ ਦਾ ਨਿੱਘਾ ਸਵਾਗਤ ਕਰਦਿਆਂ ਆਪਣੇ ਸੰਬੋਧਨ ਵਿਚ ਕਿਹਾ ਕਿ ਮੇਰੀ ਅਤੇ ਸਾਡੇ ਸਮੂੰਹ ਸਟਾਫ ਦੀ ਤਨੋ ਮਨੋ ਹਮੇਸ਼ਾ ਪਹਿਲ ਕਦਮੀ ਅਤੇ ਮੁੱਢਲੀ ਯਤਨਸ਼ੀਲ਼ ਕੋਸ਼ਿਸ਼ ਰਹੇਗੀ ਕਿ ਸੱਭ ਤੋਂ ਪਹਿਲਾ ਬਿਨਾ ਕਿਸੇ ਵਖਰੇਵੇਂ ਦੇ ਮਰੀਜ ਦੀ ਜਾਨ ਬਚਾਈ ਜਾਵੇ ।ਇਸ ਮੌਕੇ ਡਾਕਟਰ ਨਵ ਸਿਮਰਨ ਕੌਰ ਅਤੇ ਪਤੀ ਡਾ, ਸਿਮਰਨ ਸਿੰਘ ਵਲੋਂ ਅਹਿਮ ਗੱਲ ਰੱਖਦਿਆਂ ਕਿਹਾ ਕਿ ਕਿਸੇ ਵੀ ਲੋੜਵੰਦ ਪਰਿਵਾਰ ਦੇ ਮਰੀਜ਼ ਨੂੰ ਬਣਦੀ ਸਹੂਲਤ ਹਰ ਹੀਲੇ ਪ੍ਰਧਾਨ ਕੀਤੀ ਜਾਵੇਗੀ ਇਸ ਮੌਕੇ ਕਈ ਸੀਨੀਅਰ ਡਾਕਟਰ ਅਤੇ ਇਲਾਕੇ ਦੀਆ ਮਹਾਨ ਸ਼ਖਸ਼ੀਅਤਾਂ ਨੇ ਹਾਜ਼ਰੀ ਭਰ ਕੇ ਭਾਗ ਲਿਆ।

# ਸੱਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਦੀ ਯਾਦ ਵਿੱਚ ਅੱਖਾਂ ਦਾ ਕੈਂਪ ਅੱਜ



**ਚੌਕ ਮਹਿਤਾ 16 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਸੱਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਦੀ ਸਲਾਨਾ ਬਰਸੀ ਨੂੰ ਸਮਰਪਿਤ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਮੈਮੋਰੀਅਲ ਹਸਪਤਾਲ ਮਹਿਤਾ, ਵਿੱਖੇ ਦਮਦਮੀ ਟਕਸਾਲ ਚੌਕ ਮਹਿਤਾ ਅਤੇ ਭਾਈ ਰੇਸਮ ਸਿੰਘ ਅਤੇ ਇੰਗਲੈਂਡ ਦੀਆਂ ਸੰਗਤਾ ਦੇ ਸਹਿਯੋਗ ਨਾਲ 17 ਦਸੰਬਰ 2024 ਦਿਨ ਮੰਗਲਵਾਰ ਨੂੰ ਸਵੇਰੇ 9 ਵਜੇ ਤੋਂ ਦੁਪਿਹਰ 2 ਵਜੇ ਤੱਕ ਅੱਖਾਂ ਦਾ ਫਰੀ ਕੈਂਪ ਲੱਗ ਰਿਹਾ ਹੈ, ਜਿਸ ਵਿੱਚ ਸਪੈਸ਼ਲ ਅੱਖਾਂ ਦੀਆਂ ਡਾਕਟਰਾਂ ਦੀਆਂ ਟੀਮਾਂ ਅੱਖਾਂ ਦਾ ਚੈਕਅਪ ਕਰਨਗੀਆਂ,, ਲੋੜਵੰਦ ਮਰੀਜਾਂ ਦੇ ਅੱਖਾਂ ਦੇ ਅਪਰੇਸ਼ਨ ਵੀ ਕੀਤੇ ਜਾਣਗੇ, ਸਾਰੇ ਅੱਖਾਂ ਦੇ ਮਰੀਜ ਆਪਣਾ ਆਧਾਰ ਕਾਰਡ ਨਾਲ ਲੈਕੇ ਆਉਣ। ਸਮੂਹ ਸੰਗਤਾ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਅੱਖਾਂ ਦੇ ਮਰੀਜ ਸਮੇਂ ਨਾਲ ਪਹੁੰਚਕੇ ਇਸ ਕੈਂਪ ਦਾ ਲਾਭ ਲੈਣ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਲੀਸ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀਆਂ ਚੋਣਾਂ ਵਿੱਚ ਸ਼ਮਸ਼ੇਰ ਸਿੰਘ ਨੂੰ ਸਰਬਸੰਮਤੀ ਨਾਲ ਚੁਣਿਆ ਪ੍ਰਧਾਨ



**ਚੌਕ ਮਹਿਤਾ, 16 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਰਿਟਾਇਰਡ ਪੁਲਿਸ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੀ ਚੋਣ ਅਜਨਾਲਾ ਰੋਡ 'ਤੇ ਸਥਿਤ ਉਨ੍ਹਾਂ ਦੇ ਦਫ਼ਤਰ ਨੇੜੇ ਕਰਵਾਈ ਗਈ ਇਸ ਚੋਣ ਵਿੱਚ ਸਰਬਸੰਮਤੀ ਨਾਲ ਸ਼ਮਸ਼ੇਰ ਸਿੰਘ ਨੂੰ ਪ੍ਰਧਾਨ, ਅਮਰੀਕ ਸਿੰਘ ਨੂੰ ਜਨਰਲ ਸਕੱਤਰ ਅਤੇ ਅਵਤਾਰ ਸਿੰਘ ਨੂੰ ਮੀਤ ਪ੍ਰਧਾਨ ਚੁਣਿਆ ਗਿਆ ਇਸ ਮੌਕੇ ਸਾਬਕਾ ਮੁਖੀ ਸੇਵਾਮੁਕਤ ਆਈਪੀਐਸ ਸੁਖਦੇਵ ਸਿੰਘ ਛੀਨਾ ਨੇ ਨਵੇਂ ਚੁਣੇ ਮੁਖੀ ਸ਼ਮਸ਼ੇਰ ਸਿੰਘ ਨੂੰ ਸਿਰੋਪਾਓ ਸਾਹਿਬ ਦੇ ਕੇ ਵਧਾਈ ਦਿੱਤੀ ਇਸ ਮੌਕੇ ਸੇਵਾਮੁਕਤ ਐਸਪੀ ਹਰਵਿੰਦਰ ਸਿੰਘ, ਐਸਪੀ ਸ਼ੈਲੇਂਦਰ ਸਿੰਘ ਸ਼ੈਲੀ, ਐਸਪੀ ਗੁਰਨਾਮ ਸਿੰਘ, ਡੀਐਸਪੀ ਦਿਲਬਾਗ ਸਿੰਘ, ਇੰਸਪੈਕਟਰ ਰਣਜੀਤ ਸਿੰਘ, ਇੰਸਪੈਕਟਰ ਅਸ਼ਵਨੀ ਸ਼ਰਮਾ, ਇੰਸਪੈਕਟਰ ਪੰਨਾਲਾਲ, ਇੰਸਪੈਕਟਰ ਯਸ਼ਪਾਲ ਸ਼ਰਮਾ ਆਦਿ ਹਾਜ਼ਰ ਸਨ। ਨਵੇਂ ਚੁਣੇ ਗਏ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਸੇਵਾਮੁਕਤ ਪੁਲਿਸ ਮੁਲਾਜ਼ਮਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪ੍ਰਧਾਨ ਬਣ ਕੇ ਨਹੀਂ ਸਗੋਂ ਲੋਕਾਂ ਦੇ ਸੇਵਕ ਬਣ ਕੇ ਕੰਮ ਕਰਨਾ ਚਾਹੁੰਦੇ ਹਨ ਜੇ ਕਦੇ ਕਿਸੇ ਨੂੰ ਆਪਣੀ ਲੋੜ ਮਹਿਸੂਸ ਹੁੰਦੀ ਹੈ ਤਾਂ ਉਹ ਅੱਧੀ ਰਾਤ ਨੂੰ ਵੀ ਉਥੇ ਪਹੁੰਚ ਜਾਂਦਾ ਹੈ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਦੋਂ ਵੀ ਜੀ.ਆਰ.ਪੀ. ਪੀ.ਏ.ਪੀ., ਜੇਲ ਨਾਲ ਸਬੰਧਤ ਪੁਲਿਸ ਮੁਲਾਜ਼ਮ ਜਾਂ ਪੰਜਾਬ ਪੁਲਿਸ ਦਾ ਕੋਈ ਸੇਵਾਮੁਕਤ ਜਾਂ ਮੌਜੂਦਾ ਪੁਲਿਸ ਮੁਲਾਜ਼ਮ ਕਿਸੇ ਲੋੜ ਪੈਣ 'ਤੇ ਉਨ੍ਹਾਂ ਨੂੰ ਫ਼ੋਨ ਕਰੇਗਾ ਤਾਂ ਉਹ ਆਪਣੀ ਟੀਮ ਨਾਲ ਹਾਜ਼ਰ ਹੋਣਗੇ। ਜਾ ਕੇ ਹਰ ਸੰਭਵ ਮਦਦ ਕਰਨ ਦੀ ਕੋਸ਼ਿਸ਼ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੱਜਣ ਕੁਮਾਰ ਵਿਰੁੱਧ ਸਿੱਖ ਕਤਲੇਆਮ ਦੇ ਇਕ ਮਾਮਲੇ ਦਾ 8 ਜਨਵਰੀ ਨੂੰ ਫ਼ੈਸਲਾ ਸੁਣਾਏ ਜਾਣ ਦੀ ਸੰਭਾਵਨਾ

## ਸੱਜਣ ਕੁਮਾਰ ਨੂੰ ਵੀਡੀਓ ਕਾਨਫਰੰਸ ਰਾਹੀਂ ਤਿਹਾੜ ਜੇਲ੍ਹ ਤੋਂ ਅਦਾਲਤ ਅੰਦਰ ਕੀਤਾ ਪੇਸ਼



**ਨਵੀਂ ਦਿੱਲੀ 16 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਦੀ ਇੱਕ ਅਦਾਲਤ ਵੱਲੋਂ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਖ਼ਿਲਾਫ਼ 1984 ਦੇ ਸਿੱਖ ਕਤਲੇਆਮ ਦੇ ਇੱਕ ਕੇਸ ਵਿੱਚ ਅਗਲੇ ਸਾਲ 8 ਜਨਵਰੀ ਨੂੰ ਫ਼ੈਸਲਾ ਸੁਣਾਏ ਜਾਣ ਦੀ ਸੰਭਾਵਨਾ ਹੈ। ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਸੋਮਵਾਰ ਨੂੰ ਫੈਸਲਾ ਸੁਣਾਉਣਾ ਸੀ ਪਰ ਇਸ ਨੂੰ ਟਾਲ ਦਿੱਤਾ। ਸੱਜਣ ਕੁਮਾਰ ਨੂੰ ਤਿਹਾੜ ਜੇਲ੍ਹ ਤੋਂ ਵੀਡੀਓ ਕਾਨਫਰੰਸ ਰਾਹੀਂ ਅਦਾਲਤ ਵਿੱਚ ਪੇਸ਼ ਕੀਤਾ ਗਿਆ । ਇਹ ਮਾਮਲਾ ਨਵੰਬਰ 1984 ਵਿਚ ਹੋਏ ਸਿੱਖ ਕਤਲੇਆਮ ਦੌਰਾਨ ਸਰਸਵਤੀ ਵਿਹਾਰ ਇਲਾਕੇ ਵਿੱਚ ਦੋ ਵਿਅਕਤੀਆਂ ਦੇ ਕਥਿਤ ਕਤਲ ਨਾਲ ਸਬੰਧਤ ਹੈ। ਅਦਾਲਤ ਨੇ 1 ਨਵੰਬਰ 1984 ਨੂੰ ਜਸਵੰਤ ਸਿੰਘ ਅਤੇ ਉਸ ਦੇ ਪੁੱਤਰ ਤਰੁਣਦੀਪ ਸਿੰਘ ਦੇ ਕਥਿਤ ਕਤਲ ਨਾਲ ਸਬੰਧਤ ਕੇਸ ਵਿੱਚ ਅੰਤਿਮ ਦਲੀਲਾਂ ਸੁਣਨ ਤੋਂ ਬਾਅਦ ਫੈਸਲਾ ਰਾਖਵਾਂ ਰੱਖ ਲਿਆ ਸੀ। ਪਹਿਲਾਂ ਪੰਜਾਬੀ ਬਾਗ ਥਾਣੇ ਦੀ ਪੁਲੀਸ ਨੇ ਇਸ ਮਾਮਲੇ ਦਾ ਕੇਸ ਦਰਜ ਕੀਤਾ ਸੀ, ਪਰ ਬਾਅਦ ਵਿੱਚ ਐਸ.ਆਈ.ਟੀ. ਨੇ ਜਾਂਚ ਸੰਭਾਲ ਲਈ। ਅਦਾਲਤ ਨੇ 16 ਦਸੰਬਰ 2021 ਨੂੰ ਕੁਮਾਰ ਵਿਰੁੱਧ ਦੋਸ਼ ਆਇਦ ਕੀਤੇ ਸਨ। ਇਸ ਤੋਂ ਪਹਿਲਾਂ, ਅਦਾਲਤ ਨੇ ਇਹ ਸਿੱਟਾ ਕੱਢਿਆ ਸੀ ਕਿ ਇਸਤਗਾਸਾ ਪੱਖ ਦੇ ਅਨੁਸਾਰ, ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਦਾ ਬਦਲਾ ਲੈਣ ਲਈ ਮਾਰੂ ਹਥਿਆਰਾਂ ਨਾਲ ਲੈਸ ਇੱਕ ਵੱਡੀ ਭੀੜ ਨੇ ਵੱਡੇ ਪੱਧਰ 'ਤੇ ਲੁੱਟਮਾਰ ਅਤੇ ਦੰਗੇ ਕੀਤੇ ਸਨ ਜਿਨ੍ਹਾਂ ਦਾ ਮਕਸਦ ਸਿੱਖਾਂ ਦੀਆਂ ਜਾਇਦਾਦਾਂ ਨੂੰ ਅੱਗ ਲਾਉਣਾ ਅਤੇ ਤਬਾਹ ਕਰਨਾ ਸੀ। ਇਸਤਗਾਸਾ ਪੱਖ ਨੇ ਦੋਸ਼ ਲਗਾਇਆ ਕਿ ਭੀੜ ਨੇ ਸ਼ਿਕਾਇਤਕਰਤਾ ਜਸਵੰਤ ਦੀ ਪਤਨੀ ਦੇ ਘਰ 'ਤੇ ਹਮਲਾ ਕੀਤਾ ਅਤੇ ਉਸ ਦੇ ਪਤੀ ਅਤੇ ਪੁੱਤਰ ਨੂੰ ਮਾਰ ਦਿੱਤਾ, ਸਾਮਾਨ ਲੁੱਟਿਆ ਅਤੇ ਉਨ੍ਹਾਂ ਦੇ ਘਰ ਨੂੰ ਅੱਗ ਲਗਾ ਦਿੱਤੀ, ਕੁਮਾਰ ਦੇ ਖਿਲਾਫ ਕੇਸ ਦੀ ਸੁਣਵਾਈ ਕਰਦੇ ਹੋਏ, ਅਦਾਲਤ ਨੇ ਆਪਣੇ ਆਦੇਸ਼ ਵਿੱਚ ਕਿਹਾ ਸੀ ਕਿ ਮਾਮਲੇ ਵਿਚ ਕਾਫ਼ੀ ਸਮੱਗਰੀ ਮਿਲੀ ਹੈ ਜਿਸ ਨਾਲ ਪਹਿਲੀ ਨਜ਼ਰੇ ਇਹ ਰਾਏ ਬਣਦੀ ਹੈ ਕਿ ਕਾਂਗਰਸ ਨੇਤਾ ਸੱਜਣ ਕੁਮਾਰ ਨਾ ਸਿਰਫ ਇਸ ਵਿੱਚ ਸ਼ਾਮਲ ਸੀ ਬਲਕਿ ਉਸ ਨੇ ਭੀੜ ਦੀ ਅਗਵਾਈ ਵੀ ਕੀਤੀ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਦਲਜੀਤ ਸਿੰਘ ਜੀ ਦੇ ਸਤਿਕਾਰਯੋਗ ਪਿਤਾ ਬਾਪੂ ਚੰਨਣ ਸਿੰਘ ਜੀ ਮੁੱਠਿਆਂਵਾਲਾ ਦੇ

# ਸ਼ਰਧਾਂਜਲੀ ਸਮਾਗਮ ਤੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਭਰੀ ਗਈ ਹਾਜਰੀ























(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਜਿਲਾ ਤਰਨ ਤਾਰਨ ਬਲਾਕ ਵਲਟੋਹਾ ਦੇ ਪ੍ਰਧਾਨ ਭਾਈ ਦਲਜੀਤ ਸਿੰਘ ਜੀ ਮੁੱਠਿਆਂਵਾਲਾ ਦੇ ਸਤਿਕਾਰਯੋਗ ਪਿਤਾ ਬਾਪੂ ਚੰਨਣ ਸਿੰਘ ਜੀ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਨਮਿਤ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਵਾ ਕੇ ਉਪਰੰਤ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਿਖੇ ਸ਼ਰਧਾਂਜਲੀ ਸਮਾਗਮ ਤੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਾਜਰੀ ਭਰ ਕੇ ਬਾਪੂ ਚੰਨਣ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਤੋਂ ਹਜੂਰੀ ਰਾਗੀ ਭਾਈ ਗੁਰਸੇਵਕ ਸਿੰਘ ਜੀ ਲੱਧੂ ਦੇ ਰਾਗੀ ਨੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਪਹੁੰਚੇ ਸਮੂਹ ਆਗੂਆਂ ਵੱਲੋਂ ਹਾਜਰੀ ਭਰੀ ਗਈ ਜਿਸ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਦਾਬਾਂਵਾਲ, ਸੰਤ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਜ਼ਿਲਾ ਪ੍ਰਧਾਨ ਤਰਨ ਤਾਰਨ, ਭਾਈ ਕਾਰਜ ਸਿੰਘ ਜੀ ਡਲੀਰੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਕਿਸਾਨ ਵਿੰਗ, ਭਾਈ ਭੁਪਿੰਦਰ ਸਿੰਘ ਜੀ ਤੂਤ ਜਰਨਲ ਸਕੱਤਰ ਤਰਨ ਤਾਰਨ, ਪਹੁੰਚੇ ਅਤੇ ਜਥੇਬੰਦੀ ਵਲੋਂ ਬਾਪੂ ਚੰਨਣ ਸਿੰਘ ਜੀ ਦੇ ਸਪੁੱਤਰ ਸ੍ਰ ਦਰਸ਼ਨ ਸਿੰਘ ਜੀ ਨੂੰ ਸਿਰਪਾਓ ਦਿੱਤਾ ਗਿਆ। ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਦੱਸਿਆ ਕਿ ਬਾਪੂ ਚੰਨਣ ਸਿੰਘ ਜੀ ਧਾਰਮਿਕ ਬਿਰਤੀ ਵਾਲੇ ਸਿੰਘ ਸਨ।ਦੱਸਣ ਯੋਗ ਹੈ ਕਿ ਨਗਰ ਮੁੱਠਿਆਂਵਾਲਾ ਦੀ ਸ਼ਮਸ਼ਾਨ ਘਾਟ ਵਾਲੀ ਜਗ੍ਹਾ ਬਾਪੂ ਚਾਨਣ ਸਿੰਘ ਜੀ ਨੇ ਨਗਰ ਨੂੰ ਸੇਵਾ ਵਿੱਚ ਦਿੱਤੀ। ਗੁਰੂ ਘਰ ਨਾਲ ਪ੍ਰਤੀ ਬਹੁਤ ਹੀ ਸ਼ਰਧਾ ਭਾਵਨਾ ਨਾਲ ਸੇਵਾ ਕਰਦੇ ਸਨ। ਮੌਤ ਇਕ ਅਟੱਲ ਸੱਚਾਈ ਹੈ। ਜਥੇਬੰਦੀ ਦੇ ਸਮੂਹ ਆਗੂਆਂ ਤੇ ਵਰਕਰ ਸਾਹਿਬਾਨਾਂ ਵੱਲੋਂ ਭਾਈ ਦਲਜੀਤ ਸਿੰਘ ਜੀ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਰਦਾਸ ਬੇਨਤੀ ਕੀਤੀ ਗੁਰੂ ਸਾਹਿਬ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਇਸ ਮੌਕੇ ਬਾਬਾ ਗੁਰਸਾਹਿਬ ਸਿੰਘ ਜੀ ਮੁੱਖ ਸੇਵਾਦਾਰ ਗੁਰਮਤਿ ਸਮਾਗਮ ਵਰਨਾਲਾ , ਡਾਕਟਰ ਗੁਰਬਖਸ਼ ਸਿੰਘ ਜੀ ਵਰਨਾਲਾ, ਬਾਬਾ ਦਇਆ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ, ਸ੍ਰ ਜਗਜੀਤ ਸਿੰਘ ਜੀ ਸ਼੍ਰੀ ਅੰਮ੍ਰਿਤਸਰ ਇੰਚਾਰਜ ਗੁਰਦੁਆਰਾ ਸ਼ਹੀਦਾਂ ਸਾਹਿਬ, ਗ੍ਰੰਥੀ ਬਾਬਾ ਕੁਲਵੰਤ ਸਿੰਘ ਜੀ , ਸ੍ਰ ਜਸਵੰਤ ਸਿੰਘ, ਸ੍ਰ ਬਖਸ਼ੀਸ਼ ਸਿੰਘ ਅਤੇ ਨਗਰ ਰਸੂਲਪੁਰ ,ਮੁੱਠਿਆਂਵਾਲਾ, ਰਾਮ ਸਿੰਘ ਵਾਲਾ ਦੇ ਸਰਪੰਚ ਪੰਚ ਅਤੇ ਹੋਰ ਬੇਅੰਤ ਸੰਗਤਾਂ ਹਾਜਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243